SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 23* Issue 54 | Tuesday, March 19, 2024 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

# ਫਲਸਤੀਨ ਨੂੰ ਆਜ਼ਾਦ ਦੇਸ਼ ਦਾ ਦਰਜਾ ਦੇਣ ਲਈ ਐਨਡੀਪੀ ਵੱਲੋਂ ਲਿਆਂਦਾ ਮਤਾ ਪਾਸ

ਓਟਵਾ, 18 ਮਾਰਚ (ਪੋਸਟ ਬਿਊਰੋ) : ਫਲਸਤੀਨ ਨੂੰ ਆਜ਼ਾਦ ਦੇਸ਼ ਦਾ ਦਰਜਾ ਦੇਣ ਲਈ ਐਨਡੀਪੀ ਵੱਲੋਂ ਲਿਆਂਦਾ ਗਿਆ ਮਤਾ ਥੋੜ੍ਹੀ ਜੱਦੋ ਜਹਿਦ ਤੋਂ ਬਾਅਦ ਪਾਰਲੀਆਮੈਂਟ ਵਿੱਚ ਪਾਸ ਹੋ ਗਿਆ।

ਲਿਬਰਲਾਂ ਵੱਲੋਂ ਇਸ ਵਿੱਚ ਕਾਫੀ ਸੋਧ ਕਰਨ ਦੀ ਕੋਸ਼ਿਸ਼ ਕੀਤੀ ਗਈ। ਪਹਿਲਾਂ ਤਾਂ ਲਿਬਰਲਾਂ ਨੇ ਇਹ ਸੰਕੇਤ ਦਿੱਤਾ ਕਿ ਉਹ ਵਿਰੋਧੀ ਧਿਰ ਨੂੰ ਆਪਣੀ ਵਿਦੇਸ਼ ਨੀਤੀ ਨਾਲ ਖਿਲਵਾੜ ਕਰਨ ਦੀ ਇਜਾਜ਼ਤ ਨਹੀਂ ਦੇਣਗੇ। ਪਰ ਸਰਕਾਰ ਦੇ ਹਾਊਸ ਲੀਡਰ ਸਟੀਵਨ ਮੈਕਕਿਨਨ ਨੇ ਸਾਰੇ ਐਮਪੀਜ਼ ਨੂੰ ਉਸ ਸਮੇਂ ਹੈਰਾਨ ਕਰ ਦਿੱਤਾ ਜਦੋਂ ਉਨ੍ਹਾਂ ਬਹਿਸ ਦੇ ਆਖਰੀ ਪਲ ਐਨਡੀਪੀ ਵੱਲੋਂ ਪੇਸ਼ ਮਤੇ ਦੇ ਕੁੱਝ ਹਿੱਸਿਆਂ ਵਿੱਚ ਸੋਧ ਕਰਨ ਤੋਂ ਬਾਅਦ ਉਸ ਨੂੰ ਅੱਗੇ ਵਧਾ ਦਿੱਤਾ।

ਇਸ ਮਤੇ ਉੱਤੇ ਲੱਗਭਗ ਸਾਰਾ ਦਿਨ ਬਹਿਸ ਚੱਲੀ ਪਰ ਆਖਿਰਕਾਰ ਐਨਡੀਪੀ ਦਾ ਇਹ ਸੰਕੇਤਾਤਮਕ ਮਤਾ 117 ਦੇ ਮੁਕਾਬਲੇ 204 ਵੋਟਾਂ ਨਾਲ ਪਾਸ ਹੋ ਗਿਆ। ਪ੍ਰਧਾਨ ਮੰਤਰੀ ਜਸਟਿਨ ਟਰੂਡੋ ਤੇ ਲੱਗਭਗ ਸਾਰੇ ਲਿਬਰਲ ਐਮਪੀਜ਼ ਤੇ ਐਨਡੀਪੀ, ਬਲਾਕ ਕਿਊਬਿਕੁਆ, ਗ੍ਰੀਨ ਪਾਰਟੀ ਦੇ ਐਮਪੀਜ਼ ਨੇ ਮਤੇ ਦੇ ਹੱਕ ਵਿੱਚ ਵੋਟ ਪਾਈ ਪਰ ਕੰਜ਼ਰਵੇਟਿਵ ਆਗੂ ਪਿਏਰ ਪੌਲੀਏਵਰ ਤੇ ਉਨ੍ਹਾਂ ਦੀ ਪਾਰਟੀ ਨੇ ਮਤੇ ਦੇ ਖਿਲਾਫ ਵੋਟ ਪਾਈ।



ਮਤੇ ਵਿੱਚ ਆਖਿਆ ਗਿਆ ਸੀ ਕਿ ਫੈਡਰਲ ਸਰਕਾਰ ਨੂੰ ਨੌਂ ਕਦਮ ਚੁੱਕਣੇ ਚਾਹੀਦੇ ਹਨ। ਸੱਭ ਤੋਂ ਪਹਿਲਾਂ ਤਾਂ ਜੰਗਬੰਦੀ ਦੀ ਮੰਗ ਕਰਨੀ ਚਾਹੀਦੀ ਹੈ, ਫਿਰ ਬੰਧੀਆਂ ਨੂੰ ਰਿਹਾਅ ਕਰਨ ਦੀ ਮੰਗ ਕਰਨੀ ਚਾਹੀਦੀ ਹੈ। ਇਸ ਦੇ ਨਾਲ ਹੀ ਇਜ਼ਰਾਈਲ ਨਾਲ ਫੌਜੀ ਵਸਤਾਂ ਦੇ ਵਪਾਰ ਨੂੰ ਮੁਲਤਵੀ ਕਰ ਦੇਣਾ ਚਾਹੀਦਾ ਹੈ ਤੇ ਇਸ ਤੋਂ ਵੀ ਵੱਧ ਕੇ ਹਮਸ ਨੂੰ ਗੈਰਕਾਨੂੰਨੀ ਢੰਗ ਨਾਲ ਕੀਤੀ ਜਾ ਰਹੀ ਹਥਿਆਰਾਂ ਦੀ ਸਪਲਾਈ ਨੂੰ ਰੋਕਣ ਵਿੱਚ ਮਦਦ ਕਰਨੀ ਚਾਹੀਦੀ ਹੈ। ਮਤੇ ਵਿੱਚ ਇਹ ਵੀ ਆਖਿਆ ਗਿਆ ਕਿ ਫਲਸਤੀਨ ਦੀਆਂ ਟੈਰੇਟਰੀਜ਼ ਉੱਤੇ ਕੀਤੇ ਜਾ ਰਹੇ ਕਬਜੇ ਨੂੰ ਰੋਕਣ ਦੀ ਪੈਰਵੀ ਵੀ ਸਰਕਾਰ ਨੂੰ ਕਰਨੀ ਚਾਹੀਦੀ ਹੈ। ਇਸ ਦੇ ਨਾਲ ਹੀ ਗਾਜ਼ਾ ਤੋਂ ਨਿਕਲਣ ਦੀ ਕੋਸ਼ਿਸ਼ ਕਰ ਰਹੇ ਲੋਕਾਂ ਦੀ ਮਦਦ ਕਰਨ ਲਈ ਕੈਨੇਡਾ ਸਰਕਾਰ ਨੂੰ ਆਰਜ਼ੀ ਰੈਜ਼ੀਡੈਂਟ ਵੀਜ਼ਾ ਲਈ ਰੱਖੀ ਗਈ 1000 ਵਿਅਕਤੀਆਂ ਦੀ ਸੀਮਾ ਨੂੰ ਵੀ ਵਧਾਉਣਾ ਚਾਹੀਦਾ ਹੈ। ਇਸ ਦੇ ਨਾਲ ਹੀ ਇੰਤਹਾਪਸੰਦਾਂ ਨੂੰ ਕੈਨੇਡਾ ਵਿੱਚ ਸੈਟਲ ਨਹੀਂ ਹੋਣ ਦੇਣਾ ਚਾਹੀਦਾ ਤੇ ਇਜ਼ਰਾਈਲ ਦੇ ਵਜੂਦ ਨੂੰ ਕਾਇਮ ਰੱਖਣ ਤੇ ਗੁਆਂਢੀਆਂ ਨਾਲ ਸ਼ਾਂਤੀ ਬਹਾਲ ਕਰਨ ਵਿੱਚ ਵੀ ਮਦਦ ਕਰਨੀ ਚਾਹੀਦੀ ਹੈ।

## ਗੱਡੀ ਵੱਲੋਂ ਟੱਕਰ ਮਾਰੇ ਜਾਣ ਤੋਂ ਬਾਅਦ ਰਾਹਗੀਰ ਜ਼ਖ਼ਮੀ



ਮਿਸੀਸਾਗਾ, 18 ਮਾਰਚ (ਪੋਸਟ ਬਿਊਰੋ) : ਮਿਸੀਸਾਗਾ ਵਿੱਚ ਐਤਵਾਰ ਰਾਤ ਨੂੰ ਗੱਡੀ ਵੱਲੋਂ ਟੱਕਰ ਮਾਰੇ ਜਾਣ ਕਾਰਨ ਇੱਕ ਰਾਹਗੀਰ ਜ਼ਖ਼ਮੀ ਹੋ ਗਿਆ। ਉਸ ਨੂੰ ਫੌਰਨ ਇਲਾਜ ਲਈ ਹਸਪਤਾਲ ਲਿਜਾਇਆ ਗਿਆ।

ਇਹ ਹਾਦਸਾ ਹੁਰੌਨਤਾਰੀਓ ਸਟਰੀਟ ਤੇ ਬ੍ਰਿਸਟਲ ਰੋਡ ਈਸਟ ਨੇੜੇ ਵਾਪਰਿਆ। ਪੈਰਾਮੈਡਿਕਸ ਨੇ ਆਖਿਆ ਕਿ ਉਨ੍ਹਾਂ ਨੂੰ ਰਾਤੀਂ 9:00 ਵਜੇ ਤੋਂ ਬਾਅਦ ਮੌਕੇ ਉੱਤੇ ਸੱਦਿਆ ਗਿਆ। ਫਿਰ ਉਨ੍ਹਾਂ ਵੱਲੋਂ ਇੱਕ ਵਿਅਕਤੀ ਨੂੰ ਗੰਭੀਰ ਹਾਲਤ ਵਿੱਚ ਲੋਕਲ ਟਰੌਮਾ ਸੈਂਟਰ ਲਿਜਾਇਆ ਗਿਆ।

ਇਸ ਸਮੇਂ ਤੱਕ ਜ਼ਖ਼ਮੀ ਵਿਅਕਤੀ ਦੇ ਲਿੰਗ ਜਾਂ ਉਸ ਸਬੰਧੀ ਹੋਰ ਜਾਣਕਾਰੀ ਸਾਂਝੀ ਨਹੀਂ ਕੀਤੀ ਗਈ ਹੈ। ਇਹ ਵੀ ਸਪਸ਼ਟ ਨਹੀਂ ਹੋ ਸਕਿਆ ਕਿ ਹਾਦਸੇ ਤੋਂ ਬਾਅਦ ਡਰਾਈਵਰ ਮੌਕੇ ਉੱਤੇ ਮੌਜੂਦ ਰਿਹਾ ਜਾਂ ਨਹੀਂ।

## ਨਸ਼ੇ ਤੇ ਹਥਿਆਰ ਰੱਖਣ ਲਈ ਗ੍ਰਿਫਤਾਰ 3 ਵਿਅਕਤੀਆਂ ਵਿੱਚੋਂ ਇੱਕ 16 ਸਾਲਾਂ ਦਾ

ਟੋਰਾਂਟੋ, 18 ਮਾਰਚ (ਪੋਸਟ ਬਿਊਰੋ) : ਟੋਰਾਂਟੋ ਵਿੱਚ ਟਰੈਫਿਕ ਸਟੌਪ ਦੌਰਾਨ ਇੱਕ ਗੱਡੀ ਦੀ ਲਈ ਗਈ ਤਲਾਸ਼ੀ ਵਿੱਚ ਪੁਲਿਸ ਨੂੰ ਨਸ਼ੇ ਤੇ ਦੋ ਹੈਂਡਗੰਨਜ਼ ਮਿਲੀਆਂ। ਇਸ ਮਾਮਲੇ ਦੀ ਜਾਂਚ ਤੋਂ ਬਾਅਦ ਚਾਰਜ ਕੀਤੇ ਗਏ ਤਿੰਨ ਵਿਅਕਤੀਆਂ ਵਿੱਚ ਇੱਕ 16 ਸਾਲਾਂ ਦਾ ਲੜਕਾ ਵੀ ਸ਼ਾਮਲ ਸੀ।

ਕਿੰਗ ਵੈਸਟ ਵਿਲੇਜ ਦੇ ਸ਼ੈਂਕ ਸਟਰੀਟ ਤੇ ਸ਼ਾਅ ਸਟਰੀਟ ਇਲਾਕੇ ਵਿੱਚ 17 ਮਾਰਚ ਨੂੰ ਰਾਤੀਂ 10:30 ਵਜੇ ਦੇ ਨੇੜੇ ਤੇੜੇ ਪੁਲਿਸ ਨੇ ਇੱਕ ਗੱਡੀ ਨੂੰ ਰੋਕਿਆ। ਪ੍ਰਾਪਤ ਜਾਣਕਾਰੀ ਅਨੁਸਾਰ ਗੱਡੀ ਦੀ ਤਲਾਸ਼ੀ ਲਏ ਜਾਣ ਉੱਤੇ ਉਸ ਵਿੱਚੋਂ ਭਾਰੀ ਮਾਤਰਾ ਵਿੱਚ ਨਸ਼ੇ ਤੇ ਦੋ ਹਥਿਆਰ ਮਿਲਣ ਤੋਂ ਬਾਅਦ ਪੁਲਿਸ ਨੇ ਕੈਨਾਬਿਸ ਕੰਟਰੋਲ ਐਕਟ ਤਹਿਤ ਤਿੰਨ ਵਿਅਕਤੀਆਂ ਨੂੰ ਨਜ਼ਰਬੰਦ ਕਰ ਲਿਆ।



ਸੋਮਵਾਰ ਨੂੰ ਪੁਲਿਸ ਨੇ ਦੱਸਿਆ ਕਿ ਟੋਰਾਂਟੋ ਦੇ 23 ਸਾਲਾ ਟੈਵਿਨ ਨੋਇਲ ਨੂੰ ਕਈ ਚਾਰਜਿਜ਼ ਦਾ ਸਾਹ-ਮਣਾ ਕਰਨਾ ਪੈ ਰਿਹਾ ਹੈ। ਟੋਰਾਂਟੋ ਦੇ 19 ਸਾਲਾ ਮਾਈਕਲ ਸੁਲੀਵਾਨ ਬ੍ਰਾਊਨ ਉੱਤੇ ਵੀ ਕਈ ਚਾਰਜਿਜ਼ ਲਾਏ ਗਏ ਹਨ। ਇਸੇ ਤਰ੍ਹਾਂ ਟੋਰਾਂਟੋ ਦੇ 16 ਸਾਲਾ ਲੜਕੇ ਨੂੰ ਵੀ ਅਜਿਹੇ ਚਾਰਜਿਜ਼ ਦਾ ਹੀ ਸਾਹਮਣਾ ਕਰਨਾ ਹੋਵੇਗਾ। ਨਾਬਾਲਗ ਹੋਣ ਕਾਰਨ ਉਸ ਦੀ ਪਛਾਣ ਜ਼ਾਹਿਰ ਨਹੀਂ ਕੀਤੀ ਗਈ ਹੈ।

## ਟਰੱਕ ਤੇ ਸਕੂਲ ਬੱਸ ਦਰਮਿਆਨ ਟੱਕਰ ਵਿੱਚ ਟਰੱਕ ਡਰਾਈਵਰ ਗੰਭੀਰ ਜ਼ਖ਼ਮੀ

ਵ੍ਹਿਟਬੀ, 18 ਮਾਰਚ (ਪੋਸਟ ਬਿਊਰੋ) : ਵ੍ਹਿਟਬੀ ਵਿੱਚ ਇੱਕ ਸਕੂਲ ਬੱਸ ਨਾਲ ਹੋਈ ਟੱਕਰ ਵਿੱਚ ਟਰੱਕ ਡਰਾਈਵਰ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਿਆ। ਉਸ ਨੂੰ ਏਅਰਲਿਫਟ ਕਰਕੇ ਟਰੌਮਾ ਸੈਂਟਰ ਲਿਜਾਇਆ ਗਿਆ, ਜਿੱਥੇ ਉਸ ਦੀ ਹਾਲਤ ਨਾਜ਼ੁਕ ਦੱਸੀ ਜਾਂਦੀ ਹੈ।

ਇਹ ਹਾਦਸਾ ਸੋਮਵਾਰ ਨੂੰ ਹਾਈਵੇਅ 12 ਉੱਤੇ ਵਾਪਰਿਆ ਤੇ ਓਪੀਪੀ ਇਸ ਨੂੰ ਜ਼ਬਰਦਸਤ ਦੱਸ ਰਹੀ ਹੈ। ਜਾਂਚ ਲਈ ਟਾਊਨਲਾਈਨ ਈਸਟ ਤੇ ਮਾਇਰਟਲ ਰੋਡ ਈਸਟ ਦਰਮਿਆਨ ਹਾਈਵੇਅ 12 ਨੂੰ ਦੋਵਾਂ ਪਾਸਿਆਂ ਤੋਂ ਬੰਦ ਕਰ ਦਿੱਤਾ ਗਿਆ ਸੀ ਪਰ ਫਿਰ ਜਲਦ ਬਾਅਦ ਹੀ ਖੋਲ੍ਹ ਦਿੱਤਾ ਗਿਆ। ਐਕਸ ਉੱਤੇ ਅਪਡੇਟ ਕੀਤੀ ਗਈ




ਪੋਸਟ ਵਿੱਚ ਓਪੀਪੀ ਨੇ ਆਖਿਆ ਕਿ ਹਾਦਸੇ ਵਿੱਚ ਸਕੂਲ ਬੱਸ ਦੇ ਡਰਾਈਵਰ ਤੇ ਬੱਸ ਵਿੱਚ ਸਵਾਰ ਬੱਚਿਆਂ ਨੂੰ ਕੋਈ ਨੁਕਸਾਨ ਨਹੀਂ ਪਹੁੰਚਿਆ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## 2 ਵਿਅਕਤੀਆਂ ਉੱਤੇ ਹਮਲਾ ਕਰਨ ਵਾਲੇ ਮਸ਼ਕੂਕ ਦੀ ਭਾਲ ਕਰ ਰਹੀ ਹੈ ਪੁਲਿਸ

ਟੋਰਾਂਟੋ, 18 ਮਾਰਚ (ਪੋਸਟ ਬਿਊਰੋ) : ਟੋਰਾਂਟੋ ਪੁਲਿਸ ਦਾ ਕਹਿਣਾ ਹੈ ਕਿ ਉਹ ਦੋ ਮਸ਼ਕੂਕਾਂ ਦੀ ਭਾਲ ਕਰ ਰਹੀ ਹੈ ਜਿਨ੍ਹਾਂ ਨੇ ਪਿਛਲੇ ਹਫਤੇ ਸਿਟੀ ਦੇ ਡਾਊਨਟਾਊਨ ਵਿੱਚ ਨਫਰਤ ਭਰੇ ਹਮਲੇ ਕੀਤੇ। ਪੁਲਿਸ ਅਜੇ ਇਨ੍ਹਾਂ ਮਸ਼ਕੂਕਾਂ ਦੀ ਸ਼ਨਾਖ਼ਤ ਕਰਨ ਦੀ ਵੀ ਕੋਸ਼ਿਸ਼ ਕਰ ਰਹੀ ਹੈ।

ਪੁਲਿਸ ਅਨੁਸਾਰ ਪਹਿਲੀ ਅਜਿਹੀ ਘਟਨਾ 13 ਮਾਰਚ ਨੂੰ ਰਾਤੀਂ 12:24 ਦੇ ਨੇੜੇ ਤੇੜੇ ਵਾਪਰੀ। ਇਹ ਘਟਨਾ ਡੰਡਾਸ ਸਟਰੀਟ ਈਸਟ ਤੇ ਵਿਕਟੋਰੀਆ ਸਟਰੀਟ ਉੱਤੇ ਵਾਪਰੀ। ਪੁਲਿਸ ਨੇ ਦੱਸਿਆ ਕਿ ਇੱਕ ਵਿਅਕਤੀ ਮਸ਼ਕੂਕ ਦੇ ਨੇੜਿਓਂ ਲੰਘਿਆ ਤੇ ਮਸ਼ਕੂਕ ਉਸ ਸਮੇਂ ਇੱਕ ਅਸਟੈਬਲਿਸ਼ਮੈਂਟ ਦੇ ਬਾਹਰ ਖੜ੍ਹਾ ਸੀ। ਪੁਲਿਸ ਨੇ ਦੱਸਿਆ ਕਿ ਮਸ਼ਕੂਕ ਨੇ ਨਸਲੀ ਟਿੱਪਣੀਆਂ ਕਰਕੇ ਹਮਲਾ ਕਰ ਦਿੱਤਾ।



15 ਮਾਰਚ ਨੂੰ ਪੁਲਿਸ ਨੇ ਦੱਸਿਆ ਕਿ ਰਾਤੀਂ 7:38 ਦੇ ਨੇੜੇ ਤੇੜੇ ਇੱਕ ਵਿਅਕਤੀ ਬਲੂਅਰ ਸਟਰੀਟ ਵੈਸਟ ਤੇ ਸਪੈਡਿਨਾ ਐਵਨਿਊ ਇਲਾਕੇ ਵਿੱਚ ਸਬਵੇਅ ਵਿੱਚ ਸਵਾਰ ਸੀ ਜਦੋਂ ਇਸੇ ਮਸ਼ਕੂਕ ਨੇ ਜਾਣਬੁੱਝ ਕੇ ਉਸ ਨੂੰ ਉਸ ਸਮੇਂ ਟੱਕਰ ਮਾਰੀ ਜਦੋਂ ਉਹ ਸਬਵੇਅ ਤੋਂ ਬਾਹਰ ਆਉਣ ਦੀ ਕੋਸ਼ਿਸ਼ ਕਰ ਰਹੇ ਸਨ।

ਪੁਲਿਸ ਨੇ ਦੱਸਿਆ ਕਿ ਮਸ਼ਕੂਕ ਨੇ ਇਸ ਵਿਅਕਤੀ ਉੱਤੇ ਵੀ ਹਮਲਾ ਕੀਤਾ ਤੇ ਨਸਲੀ ਟਿੱਪਣੀਆਂ ਕੀਤੀਆਂ। ਫਿਰ ਉਸ ਨੇ ਹਥਿਆਰ ਕੱਢ ਲਿਆ ਤੇ ਉਸ ਵਿਅਕਤੀ ਨੂੰ ਧਮਕਾਉਣ ਲੱਗਿਆ। ਜਾਂਚਕਾਰਾਂ ਅਨੁਸਾਰ ਮਸ਼ਕੂਕ ਦਰਮਿਆਨੀ ਕੱਦਕਾਠੀ ਵਾਲਾ, ਭੂਰੇ ਵਾਲਾਂ ਵਾਲਾ ਵਿਅਕਤੀ ਹੈ ਤੇ ਉਸ ਨੇ ਆਖਰੀ ਵਾਰੀ ਹਰੇ ਰੰਗ ਦੀ ਹੁੱਡ ਵਾਲੀ ਸਵੈਟਰ, ਨੀਲੀ ਜੀਨਜ਼, ਤੇ ਬੀਜ ਨਾਈਕੀ ਸ਼ੂਜ਼ ਪਾਏ ਹੋਏ ਸਨ।

## ਪੁਤਿਨ ਰਿਕਾਰਡ ਬਹੁਮਤ ਨਾਲ 5ਵੀਂ ਵਾਰ ਰੂਸ ਦੇ ਰਾਸ਼ਟਰਪਤੀ ਬਣੇ

ਮਾਸਕੋ, 18 ਮਾਰਚ (ਪੋਸਟ ਬਿਊਰੋ): ਵਲਾਦੀਮੀਰ ਪੁਤਿਨ ਲਗਾਤਾਰ 5ਵੀਂ ਵਾਰ ਰੂਸ ਦੇ ਰਾਸ਼ਟਰਪਤੀ ਬਣ ਗਏ ਹਨ। 15-17 ਮਾਰਚ ਨੂੰ ਹੋਈ ਵੋਟਿੰਗ ਵਿਚ ਪੁਤਿਨ ਨੂੰ 88% ਵੋਟਾਂ ਮਿਲੀਆਂ। ਉਸ ਦੇ ਵਿਰੋਧੀ ਨਿਕੋਲੇ ਖਾਰੀਤੋਨੋਵ ਨੂੰ 4% ਵੋਟਾਂ ਮਿਲੀਆਂ। ਵਲਾਦਿਸਲਾਵ ਦਾਵਾਨਕੋਵ ਅਤੇ ਲਿਓਨਿਡ ਸਲੂਟਸਕੀ ਤੀਜੇ ਅਤੇ ਚੌਥੇ ਸਥਾਨ 'ਤੇ ਰਹੇ।



ਨਤੀਜਿਆਂ ਦੇ ਐਲਾਨ ਤੋਂ ਬਾਅਦ ਪੁਤਿਨ ਨੇ ਕਿਹਾ ਕਿ ਹੁਣ ਰੂਸ ਹੋਰ ਵੀ ਸ਼ਕਤੀਸ਼ਾਲੀ ਅਤੇ ਪ੍ਰਭਾਵਸ਼ਾਲੀ ਬਣ ਜਾਵੇਗਾ। ਉਨ੍ਹਾਂ ਰੂਸ-ਨਾਟੋ ਵਿਵਾਦ 'ਤੇ ਵੀ ਚਰਚਾ ਕੀਤੀ। ਕਿਹਾ- ਜੇਕਰ ਅਮਰੀਕਾ ਦੀ ਅਗਵਾਈ ਵਾਲੀ ਫੌਜੀ ਸੰਸਥਾ ਨਾਟੋ ਅਤੇ ਰੂਸ ਆਹਮੋ-ਸਾਹਮਣੇ ਆ ਜਾਂਦੇ ਹਨ ਤਾਂ ਦੁਨੀਆਂ ਤੀਜੇ ਵਿਸ਼ਵ ਯੁੱਧ ਤੋਂ ਇਕ ਕਦਮ ਦੂਰ ਹੋ ਜਾਵੇਗੀ। ਮੈਨੂੰ ਨਹੀਂ ਲੱਗਦਾ ਕਿ ਕੋਈ ਵੀ ਅਜਿਹਾ ਕੁਝ ਚਾਹੁੰਦਾ ਹੋਵੇਗਾ।

### ਨੇਵਲਨੀ ਦੀ ਮੌਤ 'ਤੇ ਪੁਤਿਨ ਨੇ ਦਿੱਤਾ ਬਿਆਨ:

## ਕਿਹਾ- ਮੈਂ ਕੈਦੀਆਂ ਦੀ ਅਦਲਾ-ਬਦਲੀ 'ਚ ਅਲੈਕਸੀ ਦੇ ਨਾਂ ਨੂੰ ਮਨਜ਼ੂਰੀ ਦਿੱਤੀ ਸੀ

ਮਾਸਕੋ, 18 ਮਾਰਚ (ਪੋਸਟ ਬਿਊਰੋ): ਵਲਾਦੀਮੀਰ ਪੁਤਿਨ ਨੇ ਰਾਸ਼ਟਰਪਤੀ ਚੋਣਾਂ 'ਚ ਜਿੱਤ ਤੋਂ ਬਾਅਦ ਪ੍ਰੈੱਸ ਕਾਨਫਰੰਸ 'ਚ ਨੇਵਲਨੀ ਦੀ ਮੌਤ 'ਤੇ ਆਪਣੀ ਚੁੱਪੀ ਤੋੜੀ। ਉਹ ਪਹਿਲੀ ਵਾਰ ਆਪਣੇ ਸਭ ਤੋਂ ਵੱਡੇ ਵਿਰੋਧੀ ਅਲੈਕਸੀ ਨਾਵਲਨੀ ਦੀ ਮੌਤ 'ਤੇ ਬੋਲੇ। ਉਨ੍ਹਾ ਨੇ ਕਿਹਾ ਕਿ ਉਨ੍ਹਾਂ ਦੀ ਮੌਤ ਦੁੱਖ ਦੀ ਗੱਲ ਹੈ। ਮੈਂ ਕੈਦੀ ਅਦਲਾ-ਬਦਲੀ ਵਿੱਚ ਅਲੈਕਸੀ ਦੇ ਨਾਂ ਨੂੰ ਮਨਜ਼ੂਰੀ ਦੇ ਦਿੱਤੀ। ਪਰ ਇਸ ਤੋਂ ਪਹਿਲਾਂ ਹੀ ਉਨ੍ਹਾਂ ਦੀ ਮੌਤ ਹੋ ਗਈ। ਪੁਤਿਨ ਨੇ ਕਈ ਸਾਲਾਂ ਵਿੱਚ ਪਹਿਲੀ ਵਾਰ ਨਾਵਲਨੀ ਨੂੰ ਨਾਮ ਨਾਲ ਸੰਬੋਧਿਤ ਕੀਤਾ। ਉਨ੍ਹਾਂ ਨੇ ਕਈ ਵਾਰ ਅਲੈਕਸੀ ਦਾ ਨਾਮ ਲਿਆ। ਉਨ੍ਹਾਂ ਨੇ ਕਿਹਾ ਕਿ ਅਲੈਕਸੀ ਦਾ ਪੱਛਮੀ ਦੇਸ਼ਾਂ ਦੇ ਕੈਦੀਆਂ ਨਾਲ ਅਦਲਾ-ਬਦਲੀ ਹੋਣ ਵਾਲੀ ਸੀ। ਮੈਂ ਸਿਰਫ਼ ਇੱਕ ਸ਼ਰਤ ਰੱਖੀ। ਇਹ ਕਿਹਾ ਗਿਆ ਸੀ ਕਿ ਅਦਲਾ-ਬਦਲੀ ਤਾਂ ਹੀ ਹੋਵੇਗੀ ਜੇਕਰ ਇਹ ਯਕੀਨੀ ਬਣਾਇਆ ਜਾਵੇ ਕਿ ਅਲੈਕਸੀ ਕਦੇ ਵੀ ਰੂਸ ਵਾਪਿਸ ਨਹੀਂ ਆਵੇਗਾ। ਪਰ ਇਹ ਸਭ ਵਾਪਰਨ ਤੋਂ ਪਹਿਲਾਂ, ਅਲੈਕਸੀ ਦੀ ਮੌਤ ਹੋ ਗਈ। ਅਸੀਂ ਇਸ ਬਾਰੇ ਕੁਝ ਨਹੀਂ ਕਰ ਸਕਦੇ।



ਨਾਵਲਨੀ ਦੀ ਟੀਮ ਦੀ ਮੈਂਬਰ ਮਾਰੀਆ ਪੇਵਚਿਖ ਨੇ ਪੁਤਿਨ ਦੇ ਕੈਦੀ ਅਦਲਾ-ਬਦਲੀ ਦੇ ਪ੍ਰਸਤਾਵ ਨੂੰ ਰੱਦ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪੁਤਿਨ ਨੇ ਨੇਵਲਨੀ ਦੇ ਅਦਲਾ-ਬਦਲੀ ਨੂੰ ਮਨਜ਼ੂਰੀ ਨਹੀਂ ਦਿੱਤੀ ਸੀ। ਉਨ੍ਹਾਂ ਨੇ ਨਵਲਨੀ ਨੂੰ ਛੁਡਾਉਣ ਦੇ ਹੁਕਮ ਦਿੱਤੇ ਸਨ। ਨਾਵਲਨੀ ਦੀ ਬੁਲਾਰਾ ਕਿਰਾ ਯਾਰਮੀਸ਼ ਨੇ ਵੀ ਕਿਹਾ ਕਿ ਉਨ੍ਹਾਂ ਨੂੰ ਭਰੋਸਾ ਹੈ ਕਿ ਨੇਵਲਨੀ ਦੀ ਹੱਤਿਆ ਕਰ ਦਿੱਤੀ ਗਈ ਹੈ। ਇਸ ਦੇ ਆਦੇਸ਼ ਰਾਸ਼ਟਰਪਤੀ ਪੁਤਿਨ ਨੇ ਖੁਦ ਦਿੱਤੇ ਸਨ।

## ਪਾਕਿਸਤਾਨ ਨੇ ਅਫਗਾਨਿਸਤਾਨ ਦੀ ਸਰਹੱਦ 'ਤੇ ਕੀਤੇ ਹਵਾਈ ਹਮਲੇ, 8 ਜਣਿਆਂ ਦੀ ਮੌਤ

ਚੰਡੀਗੜ੍ਹ, 18 ਮਾਰਚ 2024: ਅਫਗਾਨਿਸਤਾਨ () ਦੀ ਤਾਲਿਬਾਨ ਸਰਕਾਰ ਨੇ ਪਾਕਿਸਤਾਨ ਦੀ ਸਖਤ ਨਿੰਦਾ ਕਰਦੇ ਹੋਏ ਕਿਹਾ ਕਿ ਪਾਕਿਸਤਾਨ ਨੇ ਅਫਗਾਨਿਸਤਾਨ ਦੇ ਅੰਦਰ ਦੋ ਹਵਾਈ ਹਮਲੇ ਕੀਤੇ, ਜਿਸ ਵਿੱਚ ਅੱਠ ਜਣਿਆਂ ਦੀ ਮੌਤ ਹੋ ਗਈ ਹੈ। ਤਾਲਿਬਾਨ ਨੇ ਇਸ ਨੂੰ ਦੇਸ਼ ਦੀ ਪ੍ਰਭੂਸੱਤਾ ਦੀ ਉਲੰਘਣਾ ਦੱਸਿਆ ਹੈ। ਇਸ ਹਮਲੇ ਵਿੱਚ ਕਈ ਬੀਬੀਆਂ ਅਤੇ ਬੱਚੇ ਵੀ ਮਾਰੇ ਗਏ ਹਨ ।

2021 'ਚ ਅਫਗਾਨਿਸਤਾਨ 'ਚ ਤਾਲਿਬਾਨ ਸਰਕਾਰ ਦੇ ਸੱਤਾ 'ਚ ਆਉਣ ਤੋਂ ਬਾਅਦ ਦੋਵਾਂ ਦੇਸ਼ਾਂ ਵਿਚਾਲੇ ਸਰਹੱਦੀ ਵਿਵਾਦ ਲਗਾਤਾਰ ਵਧਿਆ ਹੈ। ਪਾਕਿਸਤਾਨ ਦਾ ਦਾਅਵਾ ਹੈ ਕਿ ਅੱਤਵਾਦੀ ਲਗਾਤਾਰ ਸਰਹੱਦ 'ਤੇ ਹਮਲੇ ਕਰ ਰਹੇ ਹਨ।

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir: 647-928-4990
# 25-831 Bovaird Dr. W. Brampton, ON L6X0T9 | www.ufsinsurance.com

MagGas Medical Brampton
MGM
MAGGAS MEDICAL INC.
Helping you breathe deep and rest easy.
(647) 954-9885
20 Maritime Ont Blvd Unit 15
Brampton, ON L6S 0C2

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca 416-502-3100 Unit #20 - 7015 Tranmere Drive Mississauga, ON L5S 1T7

Royal Pest Control
Residential Commercial Industrial
Specialist in Bedbugs Service
All Pest Control :
Mouse & Rats, Spiders & Fleas, Bedbugs, Wasps, Cockroaches, Carpenter Ants, Silver Fish, Racoons
Call : PARESH PATEL
416 938 4598

KELLEY LAW OFFICE
Immigration, Real Estate, Family Law, Business Closing, Corporate, Wills & Estate, Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
Avon Financial Inc.
Harpreet Singh Goraya
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਪੰਜਾਬ ਦੇ ਮੁੱਖ ਚੋਣ ਅਧਿਕਾਰੀ ਵੱਲੋਂ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ

## ਚੋਣ ਪ੍ਰਕਿਰਿਆ ਬਾਰੇ ਕਰਵਾਇਆ ਜਾਣੂ



ਚੰਡੀਗੜ੍ਹ, 18 ਮਾਰਚ (ਗਿਆਨ ਸਿੰਘ): ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਲੋਕ ਸਭਾ ਚੋਣਾਂ-2024 ਦੇ ਜ਼ਰੂਰੀ ਪਹਿਲੂਆਂ ਤੋਂ ਜਾਣੂੰ ਕਰਵਾਉਣ ਲਈ ਸੂਬੇ ਦੀਆਂ ਪ੍ਰਮੁੱਖ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ। ਇਸ ਮੌਕੇ ਉਨ੍ਹਾਂ ਚੋਣ ਪ੍ਰਕਿਰਿਆ ਦੀ ਵਿਸਤ੍ਰਿਤ ਜਾਣਕਾਰੀ ਤੋਂ ਇਲਾਵਾ ਵੋਟਰਾਂ ਦੀ ਕੁੱਲ ਸੰਖਿਆ (2,12,71,246), ਮਰਦ ਵੋਟਰ (1,11,92,959), ਔਰਤ ਵੋਟਰ (1,00,77,543), ਟਰਾਂਸਜੈਂਡਰ ਵੋਟਰ (744), ਅਪਾਹਜ ਵਿਅਕਤੀ (1,57,257), ਓਵਰਸੀਜ਼ ਵੋਟਰ (1597) ਅਤੇ ਪੋਲਿੰਗ ਸਟੇਸ਼ਨਾਂ ਦੀ ਗਿਣਤੀ (24,433) ਵਰਗੇ ਮੁੱਖ ਅੰਕੜਿਆਂ ਨੂੰ ਉਜਾਗਰ ਕੀਤਾ।

ਇਸਦੇ ਨਾਲ ਹੀ ਉਨ੍ਹਾਂ ਅਪਾਹਜ ਵੋਟਰਾਂ ਅਤੇ 85 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਵਿਅਕਤੀਆਂ ਨੂੰ ਘਰ ਤੋਂ ਵੋਟ ਪਾਉਣ ਦੀ ਚੋਣ ਕਰਨ ਦੇ ਅਧਿਕਾਰ ਬਾਰੇ ਦੱਸਿਆ।

ਇਲੈਕਟ੍ਰਾਨਿਕ ਵੋਟਿੰਗ ਮਸ਼ੀਨ (ਈਵੀਐਮ) ਦੀ ਉਪਲਬਧਤਾ ਬਾਰੇ, ਸਿਬਿਨ ਸੀ ਨੇ ਦੱਸਿਆ ਕਿ ਸੂਬੇ ਵਿਚ 150 ਫ਼ੀਸਦੀ ਈਵੀਐਮ ਦੀ ਉਪਲਬਧਤਾ ਹੈ, ਜੋ ਲੋੜ ਤੋਂ 50 ਫ਼ੀਸਦੀ ਵੱਧ ਹੈ। ਇਸ ਤੋਂ ਇਲਾਵਾ, ਉਨ੍ਹਾਂ ਭਰੋਸਾ ਦਿੱਤਾ ਕਿ ਸਾਰੇ ਪੋਲਿੰਗ ਸਟੇਸ਼ਨਾਂ ਨੂੰ ਜ਼ਰੂਰੀ ਸਹੂਲਤਾਂ ਜਿਵੇਂ ਕਿ ਰੈਂਪ, ਪਾਣੀ ਦੀ ਸਪਲਾਈ, ਉਚਿਤ ਰੋਸ਼ਨੀ ਦੇ ਪ੍ਰਬੰਧ ਅਤੇ ਪਖਾਨੇ ਆਦਿ ਨਾਲ ਲੈਸ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਾਰੇ ਪੋਲਿੰਗ ਸਟੇਸ਼ਨ ਵੋਟਰਾਂ ਦੇ ਪਤੇ ਤੋਂ 2 ਕਿਲੋਮੀਟਰ ਦੇ ਅੰਦਰ ਸੁਵਿਧਾਜਨਕ ਤੌਰ ’ਤੇ ਸਥਿਤ ਹੋਣਗੇ।

ਮੁੱਖ ਚੋਣ ਅਧਿਕਾਰੀ ਨੇ ਚੋਣ ਪ੍ਰਕਿਰਿਆ ਦੀਆਂ ਵੱਖ-ਵੱਖ ਗੱਲਾਂ ਬਾਰੇ ਵਿਸਥਾਰ ਨਾਲ ਦੱਸਦਿਆਂ ਲੋਕ ਸਭਾ ਚੋਣਾਂ ਲਈ ਉਮੀਦਵਾਰ ਦੀ ਯੋਗਤਾ, ਅਯੋਗਤਾ ਦੇ ਉਪਬੰਧ (ਸੰਵਿਧਾਨਕ ਅਤੇ ਵਿਧਾਨਕ), ਨਾਮਜ਼ਦਗੀ ਪ੍ਰਕਿਰਿਆਵਾਂ, ਨਾਮਜ਼ਦਗੀਆਂ ਨੂੰ ਰੱਦ ਕਰਨ ਦੇ ਆਧਾਰ ਅਤੇ ਨਾਮਜ਼ਦਗੀਆਂ ਵਾਪਸ ਲੈਣ ਦੇ ਨਿਯਮਾਂ ਦੇ ਨਾਲ-ਨਾਲ ਚੋਣ ਨਿਸ਼ਾਨ ਅਲਾਟਮੈਂਟ ਨਿਯਮਾਂ ਬਾਰੇ ਪੂਰੀ ਜਾਣਕਾਰੀ ਦਿੱਤੀ।


ਇਸ ਦੌਰਾਨ ਸਿਬਿਨ ਸੀ ਨੇ ਆਦਰਸ਼ ਚੋਣ ਜ਼ਾਬਤੇ ਦੇ ਮੁੱਖ ਉਪਬੰਧਾਂ ਦੀ ਰੂਪਰੇਖਾ ਬਾਰੇ ਵੀ ਦੱਸਿਆ। ਉਨ੍ਹਾਂ ਅਪੀਲ ਕੀਤੀ ਕਿ ਰਾਜਨੀਤਿਕ ਪਾਰਟੀਆਂ ਅਤੇ ਉਮੀਦਵਾਰਾਂ ਨੂੰ ਨਫ਼ਰਤ ਭਰੇ ਭਾਸ਼ਣ, ਧਾਰਮਿਕ ਜਾਂ ਜਾਤੀ ਅਧਾਰਤ ਵੋਟ ਮੰਗਣ, ਵਿਰੋਧੀਆਂ ’ਤੇ ਨਿੱਜੀ ਹਮਲਿਆਂ ਜਾਂ ਗੈਰ-ਪ੍ਰਮਾਣਿਤ ਰਿਪੋਰਟਾਂ ਦੇ ਆਧਾਰ ’ਤੇ ਆਲੋਚਨਾ ਤੋਂ ਬਚਣਾ ਚਾਹੀਦਾ ਹੈ। ਉਨ੍ਹਾਂ ਮੀਟਿੰਗਾਂ ਅਤੇ ਹੋਰ ਸਮਾਗਮਾਂ ਲਈ ਜ਼ਿਲ੍ਹਾ ਅਧਿਕਾਰੀਆਂ ਤੋਂ ਅਗਾਊਂ ਇਜਾਜ਼ਤ ਲੈਣ ਬਾਰੇ ਵੀ ਕਿਹਾ।

ਮੀਟਿੰਗ ਮੌਕੇ ਸੁਵਿਧਾ ਪੋਰਟਲ ਅਤੇ ਨਾਮਜ਼ਦਗੀ ਪ੍ਰਕਿਰਿਆ ਨੂੰ ਸਰਲ ਬਣਾਉਣ ਅਤੇ ਰਾਜਨੀਤਿਕ ਪਾਰਟੀਆਂ ਲਈ ਵੱਖ-ਵੱਖ ਇਜਾਜ਼ਤਾਂ ਪ੍ਰਾਪਤ ਕਰਨ ਵਿੱਚ ਇਸਦੀ ਭੂਮਿਕਾ ਬਾਰੇ ਜਾਣਕਾਰੀ ਦਿੱਤੀ ਗਈ । ਸੁਵਿਧਾ ਪੋਰਟਲ ਰਾਹੀਂ ਉਮੀਦਵਾਰ ਆਨਲਾਈਨ ਨਾਮਜ਼ਦਗੀਆਂ ਅਤੇ ਹਲਫੀਆ ਬਿਆਨ ਦਾਖਲ ਕਰ ਸਕਦੇ ਹਨ, ਦਸਤਾਵੇਜ਼ ਜਮਹਾਂ ਕਰਵਾਉਣ ਲਈ ਰਿਟਰਨਿੰਗ ਅਫਸਰਾਂ ਨਾਲ ਮੀਟਿੰਗਾਂ ਦਾ ਸਮਾਂ ਤੈਅ ਕਰ ਸਕਦੇ ਹਨ ਅਤੇ ਪ੍ਰਸ਼ਾਸਨਿਕ ਪ੍ਰਕਿਰਿਆਵਾਂ ਨੂੰ ਸੁਚਾਰੂ ਬਣਾ ਸਕਦੇ ਹਨ।

ਮੀਟਿੰਗ ਵਿੱਚ ਵਧੀਕ ਮੁੱਖ ਚੋਣ ਅਧਿਕਾਰੀ ਹਰੀਸ਼ ਨਈਅਰ ਤੇ ਅਭਿਜੀਤ ਕਪਲਿਸ਼, ਸੰਯੁਕਤ ਸੀਈਓ ਸਕੱਤਰ ਸਿੰਘ ਬੱਲ ਅਤੇ ਸੀਈਓ ਦਫ਼ਤਰ ਦੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

# ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਪ੍ਰਧਾਨਗੀ ਹੇਠ ਹੋਈ ਧਰਮ ਪ੍ਰਚਾਰ ਕਮੇਟੀ ਦੀ ਇਕੱਤਰਤਾ

## ਖਾਲਸਾਈ ਜਾਹੋ ਜਲਾਲ ਦਾ ਪ੍ਰਤੀਕ ਹੋਲਾ ਮਹੱਲਾ ਧਾਰਮਿਕ ਪ੍ਰੰਪਰਾਵਾਂ ਅਨੁਸਾਰ ਹੀ ਮਨਾਇਆ ਜਾਵੇ : ਧਾਮੀ



ਅੰਮ੍ਰਿਤਸਰ, 18 ਮਾਰਚ (ਪੋਸਟ ਬਿਊਰੋ): ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਪ੍ਰਧਾਨਗੀ ਹੇਠ ਹੋਈ ਧਰਮ ਪ੍ਰਚਾਰ ਕਮੇਟੀ ਦੀ ਇਕੱਤਰਤਾ ’ਚ ਖ਼ਾਲਸਈ ਜਾਹੋ ਜਲਾਲ ਦੇ ਪ੍ਰਤੀਕ ਹੋਲੇ ਮਹੱਲੇ ਨੂੰ ਧਾਰਮਿਕ ਪ੍ਰੰਪਰਾਵਾਂ ਅਨੁਸਾਰ ਮਨਾਉਣ ਦੀ ਅਪੀਲ ਕਰਦਿਆਂ ਇਸ ਮੌਕੇ ਕਿਸੇ ਵੀ ਤਰ੍ਹਾਂ ਦੀ ਹੁਲੜਬਾਜ਼ੀ ਤੋਂ ਦੂਰ ਰਹਿਣ ਲਈ ਕਿਹਾ ਗਿਆ। ਇਸ ਦੇ ਨਾਲ ਹੀ ਤੀਸਰੇ ਪਾਤਸ਼ਾਹ ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ ਦੀ 450 ਸਾਲਾ ਸ਼ਤਾਬਦੀ ਸਬੰਧੀ ਗੁਰਦੁਆਰਾ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਇਕ ਵਿਸ਼ੇਸ਼ ਦਫ਼ਤਰ ਖੋਲ੍ਹਣ ਨੂੰ ਵੀ ਪ੍ਰਵਾਨਗੀ ਦਿੱਤੀ ਗਈ ਹੈ।

ਅੱਜ ਸ੍ਰੀ ਗੁਰੂ ਰਾਮਦਾਸ ਮੈਡੀਕਲ ਯੂਨੀਵਰਸਿਟੀ ਵੱਲ੍ਹਾ ਵਿਖੇ ਹੋਈ ਇਕੱਤਰਤਾ ਮਗਰੋਂ ਗੱਲ ਕਰਦਿਆਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਸ੍ਰੀ ਅਨੰਦਪੁਰ ਸਾਹਿਬ ਦੀ ਧਰਤੀ ’ਤੇ ਹੋਲਾ ਮਹੱਲਾ ਮਨਾਉਣ ਦੀ ਪ੍ਰੰਪਰਾ ਆਰੰਭ ਕੀਤੀ ਸੀ। ਉਨ੍ਹਾਂ ਕਿਹਾ ਕਿ ਹਰ ਸਾਲ ਹੋਲੇ ਮਹੱਲੇ ਮੌਕੇ ਵੱਡੀ ਗਿਣਤੀ ’ਚ ਸੰਗਤਾਂ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਨਤਮਸਤਕ ਹੋ ਕੇ ਸ਼ਰਧਾ ਪ੍ਰਗਟਾਉਂਦੀਆਂ ਹਨ। ਪਿਛਲੇ ਕੁਝ ਸਮੇਂ ਤੋਂ ਕੁਝ ਸ਼ਰਾਰਤੀ ਲੋਕ ਗੁਰੂ ਘਰ ਦੀ ਮਰਯਾਦਾ ਉਲਟ ਹੁਲੜਬਾਜ਼ੀ ਕਰਕੇ ਸੰਗਤਾਂ ਲਈ ਪ੍ਰੇਸ਼ਾਨੀ ਪੈਦਾ ਕਰਦੇ ਹਨ। ਐਡਵੋਕੇਟ ਧਾਮੀ ਨੇ ਕਿਹਾ ਕਿ ਹੋਲਾ ਮਹੱਲਾ ਖਾਲਸਾਈ ਜਾਹੋ ਜਲਾਲ ਦਾ ਪ੍ਰਤੀਕ ਹੈ, ਜਿਸ ਨੂੰ ਧਾਰਮਿਕ ਪ੍ਰੰਪਰਾਵਾਂ ਅਨੁਸਾਰ ਹੀ ਮਨਾਉਣਾ ਚਾਹੀਦਾ ਹੈ। ਉਨ੍ਹਾਂ ਨੌਜੁਆਨੀ ਨੂੰ ਅਪੀਲ ਕੀਤੀ ਕਿ ਉਹ ਗੁਰੂ ਘਰ ਜਾਣ ਸਮੇਂ ਮਰਯਾਦਾ ਦਾ ਖਿਆਲ ਰੱਖਣ ਅਤੇ ਕਿਸੇ ਤਰ੍ਹਾਂ ਦੀ ਹੁਲੜਬਾਜ਼ੀ ਤੋਂ ਦੂਰ ਰਹਿਣ। ਐਡਵੋਕੇਟ ਧਾਮੀ ਨੇ ਇਹ ਵੀ ਦੱਸਿਆ ਕਿ ਤੀਸਰੇ ਪਾਤਸ਼ਾਹ ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ ਦੀ 450 ਸਾਲਾ ਸ਼ਤਾਬਦੀ ਸਤੰਬਰ ਮਹੀਨੇ ਗੋਇੰਦਵਾਲ ਸਾਹਿਬ ਵਿਖੇ ਮਨਾਈ ਜਾ ਰਹੀ ਹੈ। ਇਸ ਸਬੰਧੀ ਸਬ-ਕਮੇਟੀ ਬਣਾਈ ਗਈ ਸੀ, ਜਿਸ ਦੀ ਰਿਪੋਰਟ ਅਨੁਸਾਰ ਸ਼ਤਾਬਦੀ ਸਮਾਗਮਾਂ ਨੂੰ ਲੈ ਕੇ ਜਿਥੇ ਗੁਰਦੁਆਰਾ ਬਾਉਲੀ ਸਾਹਿਬ ਗੋਇੰਦਵਾਲ ਸਾਹਿਬ ਵਿਖੇ ਧਰਮ ਪ੍ਰਚਾਰ ਕਮੇਟੀ ਦਾ ਦਫ਼ਤਰ ਖੋਲ੍ਹਿਆ ਜਾਵੇਗਾ, ਉਥੇ ਹੀ ਖਾਲਸਾ ਸਾਜਣਾ ਦਿਵਸ ਵਿਸਾਖੀ ਮੌਕੇ 14 ਅਪ੍ਰੈਲ ਨੂੰ ਸ਼ਤਾਬਦੀ ਨੂੰ ਸਮਰਪਤ ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ ਸਮਾਗਮ ਕਰਵਾਇਆ ਜਾਵੇਗਾ। ਉਨ੍ਹਾਂ ਦੱਸਿਆ ਕਿ ਅੱਜ ਦੀ ਇਕੱਤਰਤਾ ਵਿਚ ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਇੰਸਟੀਚਿਊਟ ਆਫ਼ ਐਡਵਾਂਸ ਸਟੱਡੀਜ਼ ਇਨ ਸਿੱਖਇਜ਼ਮ, ਬਹਾਦਰਗੜ੍ਹ ਪਟਿਆਲਾ ਵਿਖੇ ਜੁਡੀਸ਼ੀਅਲ ਅਕੈਡਮੀ ਸ਼ੁਰੂ ਕਰਨ ਲਈ ਕਲਾਸ ਰੂਮ ਅਤੇ ਲੜਕੀਆਂ ਵਾਸਤੇ ਹੋਸਟਲ ਤਿਆਰ ਕਰਨ ਦੇ ਕਾਰਜਾਂ ਨੂੰ ਪ੍ਰਵਾਨਗੀ ਵੀ ਦਿੱਤੀ ਗਈ ਹੈ। ਇਸ ਦੇ ਨਾਲ ਹੀ ਧਰਮ ਪ੍ਰਚਾਰ ਕਮੇਟੀ ਨਾਲ ਸਬੰਧਤ ਹੋਰ ਵੱਖ-ਵੱਖ ਕਾਰਜਾਂ ਨੂੰ ਵੀ ਪ੍ਰਵਾਨਗੀਆਂ ਦਿੱਤੀਆਂ ਗਈਆਂ।

# ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਕੈਨੇਡਾ ਦੇ ਕਿਰਨਦੀਪ ਸਿੰਘ ਸਿੱਧੂ ਜਨਰਲ ਸਕੱਤਰ ਬਣੇ



ਲੁਧਿਆਣਾ, 18 ਮਾਰਚ (ਗਿਆਨ ਸਿੰਘ): ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਕੈਨੇਡਾ ਦੇ ਕਿਰਨਦੀਪ ਸਿੰਘ ਸਿੱਧੂ ਰਕਬਾ ਜਨਰਲ ਸਕੱਤਰ ਬਣੇ। ਉਹਨਾਂ ਨੂੰ ਨਿਯੁਕਤੀ ਪੱਤਰ ਦੇਣ ਦੀ ਰਸਮ ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਦੇ ਪ੍ਰਧਾਨ ਕ੍ਰਿਸ਼ਨ ਕੁਮਾਰ ਬਾਵਾ, ਵਿਧਾਇਕ ਕੁਲਵੰਤ ਸਿੰਘ ਸਿੱਧੂ, ਫਾਊਂਡੇਸ਼ਨ ਦੇ ਵਾਈਸ ਪ੍ਰਧਾਨ ਯੁਵਰਾਜ ਸਿੰਘ ਸਿੱਧੂ, ਫਾਊਂਡੇਸ਼ਨ ਦੇ ਆਸਟਰੇਲੀਆ ਦੇ ਪ੍ਰਧਾਨ ਅਸ਼ਵਨੀ ਬਾਵਾ ਅਤੇ ਕਮਲ ਨੇ ਅਦਾ ਕੀਤੀ। ਇਸ ਸਮੇਂ ਬਾਵਾ ਅਤੇ ਕੁਲਵੰਤ ਸਿੱਧੂ ਵਿਧਾਇਕ ਨੇ ਕਿਹਾ ਕਿ ਸਿੱਧੂ ਪਰਿਵਾਰ ਸੰਤ ਸੇਵੀ ਪਰਿਵਾਰ ਹੈ ਅਤੇ ਹਮੇਸ਼ਾ ਮਨੁੱਖਤਾ ਦੀ ਸੇਵਾ ਲਈ ਮੋਹਰੀ ਰੋਲ ਅਦਾ ਕਰਨ ਵਾਲਾ ਹੈ। ਉਹਨਾਂ ਕਿਹਾ ਕਿ ਕੈਨੇਡਾ ਜਾ ਕੇ ਕਿਰਨਦੀਪ ਸਿੰਘ ਸਿੱਧੂ ਨੇ ਮਹਾਨ ਯੋਧੇ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਜੀ ਦੇ ਜੀਵਨ ਨਾਲ ਸੰਬੰਧਿਤ ਦਿਹਾੜੇ ਮਨਾਉਣ ਲਈ ਹੈਪੀ ਦਿਓਲ ਅਤੇ ਬਿੰਦਰ ਗਰੇਵਾਲ ਹੋਰਾਂ ਨਾਲ ਮਿਲ ਕੇ ਮੋਹਰੀ ਰੋਲ ਅਦਾ ਕਰਨ ਦਾ ਉਪਰਾਲਾ ਕਰਨਾ ਆਪਣੇ ਪੁਰਖਿਆਂ ਭਗਤ ਪੂਰਨ ਸਿੰਘ ਰਕਬਾ ਦੀ ਸੋਚ ਤੇ ਪਹਿਰਾ ਦੇਣਾ ਹੈ। ਇਸ ਸਮੇਂ ਕਿਰਨਦੀਪ ਸਿੰਘ ਸਿੱਧੂ ਨੇ ਕਿਹਾ ਕਿ ਅੱਜ ਜੋ ਮੇਰੀ ਡਿਊਟੀ ਬਾਵਾ ਜੀ ਨੇ ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਦਾ ਕੈਨੇਡਾ ਦਾ ਜਨਰਲ ਸਕੱਤਰ ਬਣਾ ਕੇ ਲਗਾਈ ਹੈ ਮੈਂ ਉਸ ਨੂੰ ਤਨ-ਮਨ-ਧਨ ਨਾਲ ਨਿਭਾਵਾਂਗਾ।

# ਲੋਕ ਸਭਾ ਚੋਣਾਂ-2024 ਦੌਰਾਨ ਅਣ-ਉਚਿੱਤ ਸਾਧਨਾਂ ਦੀ ਵਰਤੋਂ ਨੂੰ ਸਹਿਣ ਨਹੀਂ ਕੀਤਾ ਜਾਵੇਗਾ, ਡੀ ਸੀ ਆਸ਼ਿਕਾ ਜੈਨ

## ਰਾਜਨੀਤਿਕ ਅਤੇ ਆਮ ਲੋਕਾਂ ਨੂੰ ਸ਼ਾਂਤੀਪੂਰਵਕ ਚੋਣਾਂ ਕਰਵਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਦੇ ਯਤਨਾਂ ਵਿੱਚ ਸਹਿਯੋਗ ਦੇਣ ਦੀ ਅਪੀਲ



ਸਾਹਿਬਜ਼ਾਦਾ ਅਜੀਤ ਸਿੰਘ ਨਗਰ, 18 ਮਾਰਚ ( ਗਿਆਨ ਸਿੰਘ): ਡਿਪਟੀ ਕਮਿਸ਼ਨਰ-ਕਮ-ਜ਼ਲ੍ਹਿਾ ਚੋਣ ਅਫ਼ਸਰ ਸ੍ਰੀਮਤੀ ਆਸ਼ਕਿਾ ਜੈਨ ਨੇ ਕਿਹਾ ਕਿ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਜ਼ਲ੍ਹਿ ਵਿੱਚ ਲੋਕ ਸਭਾ ਚੋਣਾਂ-2024 ਦੌਰਾਨ ਅਣ-ਉਚਿੱਤ ਸਾਧਨਾਂ ਦੀ ਵਰਤੋਂ ਨੂੰ ਸਹਿਣ ਨਹੀਂ ਕੀਤਾ ਜਾਵੇਗਾ, ਜਿਸ ਲਈ ‘ਜ਼ੀਰੋ ਟੋਲਰੈਂਸ’ ਦੀ ਨੀਤੀ ਰੱਖੀ ਜਾਵੇਗੀ।

ਜ਼ਿਲ੍ਹਾ ਐਸ.ਏ.ਐਸ.ਨਗਰ ਵਿਖੇ ਚੋਣਾਂ ਦੀਆਂ ਤਿਆਰੀਆਂ ਸਬੰਧੀ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਭਾਰਤ ਦੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਜ਼ਲ੍ਹਿਾ ਪ੍ਰਸ਼ਾਸਨ ਆਜ਼ਾਦ, ਨਿਰਪੱਖ ਅਤੇ ਪਾਰਦਰਸ਼ੀ ਚੋਣਾਂ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪੈਸੇ ਅਤੇ ਤਾਕਤ ਦੀ ਵਰਤੋਂ ਕਰਨ ਵਾਲਿਆਂ ਨਾਲ ਸਖ਼ਤੀ ਨਾਲ ਨਿਪਟਿਆ ਜਾਵੇਗਾ ਅਤੇ ਦੋਸ਼ੀਆਂ ਨੂੰ ਤੁਰੰਤ ਸਲਾਖਾਂ ਪਿੱਛੇ ਭੇਜਿਆ ਜਾਵੇਗਾ।

ਉਨ੍ਹਾਂ ਦੱਸਿਆ ਕਿ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਜ਼ਿਲ੍ਹੇ ਵਿੱਚ ਤਿੰਨ ਸੂਬਾਈ ਵਿਧਾਨ ਸਭਾ ਹਲਕੇ ਸ਼ਾਮਲ ਹਨ, ਜਿਨ੍ਹਾਂ ਵਿੱਚੋਂ 52-ਖਰੜ ਅਤੇ 53-ਐਸ.ਏ.ਐਸ ਨਗਰ, 06-ਅਨੰਦਪੁਰ ਸਾਹਿਬ ਸੰਸਦੀ ਹਲਕੇ ਵਿੱਚ ਆਉਂਦੇ ਹਨ ਜਦੋਂ ਕਿ 112-ਡੇਰਾਬੱਸੀ, 13-ਪਟਿਆਲਾ ਸੰਸਦੀ ਹਲਕੇ ਵਿੱਚ ਆਉਂਦੇ ਹਨ। ਇਨ੍ਹਾਂ ਹਲਕਿਆਂ ਵਿੱਚ ਕੁੱਲ 818 ਪੋਲਿੰਗ ਬੂਥ ਹਨ ਅਤੇ 7,90,499 ਵੋਟਰ ਹਨ। ਇਨ੍ਹਾਂ ਵਿੱਚੋਂ 4,14,276 ਪੁਰਸ਼ ਵੋਟਰ, 3,76,187 ਮਹਿਲਾ ਵੋਟਰ ਅਤੇ 36 ਤੀਜੇ ਲਿੰਗ ਦੇ ਵੋਟਰ ਹਨ। ਕੋਈ ਵੀ ਵਿਅਕਤੀ ਜੋ 1 ਅਪ੍ਰੈਲ, 2024 ਨੂੰ 18 ਸਾਲ ਦੀ ਉਮਰ ਪੂਰੀ ਕਰਦਾ ਹੈ, ਉਹ 5 ਮਈ, 2024 ਤੱਕ ਆਪਣਾ ਨਾਮ ਦਰਜ ਕਰਵਾ ਸਕਦਾ ਹੈ, ਉਨ੍ਹਾਂ ਅੱਗੇ ਕਿਹਾ।

ਯੂਟੀ ਅਤੇ ਰਾਜ ਦੀ ਰਾਜਧਾਨੀ ਚੰਡੀਗੜ੍ਹ ਅਤੇ ਹਰਿਆਣਾ ਨਾਲ ਅੰਤਰਰਾਜੀ ਸੀਮਾਵਾਂ ਸਾਂਝੀਆਂ ਹੋਣ ਕਾਰਨ ਜ਼ਲ੍ਹਿ ਦੀ ਨਿਗਰਾਨੀ ਕਰਨ ਲਈ, ਜ਼ਲ੍ਹਿ ਵਿੱਚ ਚੋਣ ਪ੍ਰਕਿਰਿਆ 'ਤੇ ਚੌਕਸੀ ਰੱਖਣ ਲਈ ਹਰੇਕ ਹਲਕੇ ਵਿੱਚ 03 ਕਾਰਜਸ਼ੀਲ ਫਲਾਇੰਗ ਸਕੁਐਡ ਟੀਮਾਂ ਤਾਇਨਾਤ ਹਨ। ਇਸੇ ਤਰ੍ਹਾਂ, ਜ਼ਲ੍ਹਿ ਵਿੱਚ ਨਾਮਜ਼ਦਗੀਆਂ ਭਰਨ ਦੇ ਸ਼ੁਰੂ ਹੋਣ ਦੇ ਦਿਨ ਤੋਂ ਕਾਰਜਸ਼ੀਲ ਹੋਣ ਲਈ ਹਰੇਕ ਹਲਕੇ ਵਿੱਚ 04 ਸਟੈਟਿਕ ਸਰਵੇਲੈਂਸ ਟੀਮਾਂ ਵੀ ਹਨ।

ਇਸ ਤੋਂ ਇਲਾਵਾ ਜ਼ਲ੍ਹਿ ਵਿੱਚ ਇੱਕ 247 ਕਾਰਜਸ਼ੀਲ ਸ਼ਕਿਾਇਤ ਸੈੱਲ ਹੈ ਜਿਸਦਾ ਟੋਲ-ਫ੍ਰੀ ਨੰਬਰ 1950 ਹੈ। ਇਸੇ ਤਰ੍ਹਾਂ, ਆਦਰਸ਼ ਚੋਣ ਜ਼ਾਬਤੇ ਦੀ ਉਲੰਘਣਾ ਨਾਲ ਸਬੰਧਤ ਇੱਕ ਹੋਰ ਔਨਲਾਈਨ ਸ਼ਿਕਾਇਤ ਵਿਧੀ ਵੀ, ਸੀਵਿਜਿਲ ਐਪ ਵਜੋਂ ਮੌਜੂਦ ਹੈ। ਕੋਈ ਵੀ ਇਸ ਨੂੰ ਆਪਣੇ ਮੋਬਾਈਲ 'ਤੇ ਡਾਊਨਲੋਡ ਕਰ ਸਕਦਾ ਹੈ ਅਤੇ ਆਦਰਸ਼ ਚੋਣ ਜ਼ਾਬਤੇ ਦੀ ਉਲੰਘਣਾ ਦੀ ਫੋਟੋ ਜਾਂ ਵੀਡੀਓ ਅੱਪਲੋਡ ਕਰ ਸਕਦਾ ਹੈ, ਜਿਸ ਦਾ ਨਿਪਟਾਰਾ ਸਬੰਧਤ ਟੀਮ ਨੂੰ ਸ਼ਕਿਾਇਤ ਦੇਣ ਦੇ 100 ਮਿੰਟਾਂ ਦੇ ਅੰਦਰ ਕੀਤਾ ਜਾਵੇਗਾ। ਇਸ ਤੋਂ ਇਲਾਵਾ ਜ਼ਲ੍ਹਿ ਵਿੱਚ ਚੱਲ ਰਹੀਆਂ ਵੱਖ-ਵੱਖ ਗਤੀਵਿਧੀਆਂ 'ਤੇ ਨੇੜਿਓਂ ਨਜ਼ਰ ਰੱਖਣ ਲਈ ਆਦਰਸ਼ ਚੋਣ ਜ਼ਾਬਤਾ ਇਨਫੋਰਸਮੈਂਟ ਟੀਮ, ਖਰਚਾ ਨਿਗਰਾਨ ਟੀਮ, ਇਲੈਕਟੋਰਲ ਬੈਲਟ ਪੇਪਰ ਟੀਮ ਅਤੇ ਪਰਮਿਸ਼ਨ ਕਮੇਟੀ ਨੂੰ ਵੀ ਕਾਰਜਸ਼ੀਲ ਬਣਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਪਾਰਟੀਆਂ ਸੁਵਿਧਾ ਐਪ 'ਤੇ ਲੌਗਇਨ ਕਰਕੇ ਆਨਲਾਈਨ ਅਨੁਮਤੀਆਂ ਪ੍ਰਾਪਤ ਕਰ ਸਕਦੀਆਂ ਹਨ।

ਉਨ੍ਹਾਂ ਸਪੱਸ਼ਟ ਕੀਤਾ ਕਿ ਪ੍ਰਾਈਵੇਟ ਬਾਊਂਸਰਾਂ ਆਦਿ ਦੀ ਵਰਤੋਂ ਨੂੰ ‘ਮਸਲ ਪਾਵਰ’ ਵਜੋਂ ਮੰਨਿਆ ਜਾਵੇਗਾ ਕਿਉਂਕਿ ਸਾਰੇ ਉਮੀਦਵਾਰਾਂ ਨੂੰ ਪੁਲਿਸ ਵੱਲੋਂ ਢੁੱਕਵੀਂ ਸੁਰੱਖਿਆ ਪ੍ਰਦਾਨ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਆਬਕਾਰੀ ਅਤੇ ਪੁਲਿਸ ਦੀਆਂ ਸਾਂਝੀਆਂ ਟੀਮਾਂ ਹਰ ਨਾਕੇ 'ਤੇ ਗੈਰ-ਕਾਨੂੰਨੀ ਸਮਾਨ ਦੀ ਆਮਦ ਨੂੰ ਰੋਕਣ ਲਈ ਹਨ ਜੋ ਚੋਣ ਪ੍ਰਕਿਰਿਆ ਵਿਚ ਰੁਕਾਵਟ ਪਾਉਣ ਲਈ ਵਰਤੇ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ ਕੇਂਦਰੀ ਹਥਿਆਰਬੰਦ ਪੁਲਿਸ ਬਲ ਦੀ ਇੱਕ ਕੰਪਨੀ ਪਹਿਲਾਂ ਹੀ ਜ਼ਲ੍ਹਿ ਵਿੱਚ ਪਹੁੰਚ ਚੁੱਕੀ ਹੈ ਅਤੇ ਗਸ਼ਤ, ਫਲੈਗ ਮਾਰਚ, ਏਰੀਆ ਡੋਮੀਨੇਸ਼ਨ ਆਦਿ ਲਈ ਲੋੜ ਅਨੁਸਾਰ ਤਾਇਨਾਤ ਕੀਤੀ ਗਈ ਹੈ।

ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸੋਨਮ ਚੌਧਰੀ ਨੇ ਕਿਹਾ ਕਿ ਐਮ.ਸੀ.ਸੀ. ਦੀ ਉਲੰਘਣਾ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਇਸ ਸਬੰਧੀ ਪਿਛਲੇ ਦਿਨੀਂ ਸਿਆਸੀ ਪਾਰਟੀਆਂ ਨਾਲ ਮੀਟਿੰਗ ਕੀਤੀ ਜਾ ਚੁੱਕੀ ਹੈ।

SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

ਆਓ ਸੱਤ ਸਮੁੰਦਰੋਂ ਪਾਰ ਵਾਲਿਆਂ ਦਾ ਵੀ ਸੋਚੀਏ
Super Visa
■ How your spouse can join you within 4-6 months
■ How your parents can join you
■ How students & skilled people can come to Canada
■ How international Students & Foreign workers can get their immigration
We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com

# ਆਮ ਆਦਮੀ ਪਾਰਟੀ ਨੇ ਲੋਕ ਸਭਾ ਚੋਣਾਂ ਲਈ ਚੋਣ ਪ੍ਰਚਾਰ ਕੀਤਾ ਤੇਜ਼ : ਹਰਚੰਦ ਸਿੰਘ ਬਰਸਟ

## 'ਆਪ' ਵੱਲੋਂ 600 ਯੂਨਿਟ ਮੁਫ਼ਤ ਬਿਜਲੀ ਤੇ 42 ਹਜ਼ਾਰ ਨੌਜਵਾਨਾਂ ਨੂੰ ਨੌਕਰੀ ਦੇਣ ਨੂੰ ਘਰ-ਘਰ ਤੱਕ ਪਹੁੰਚਾਇਆ ਜਾਵੇਗਾ

ਚੰਡੀਗੜ੍ਹ 18 ਮਾਰਚ (ਗਿਆਨ ਸਿੰਘ ) ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸੂਬਾ ਜਨਰਲ ਸਕੱਤਰ ਅਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਅਗਾਮੀ ਲੋਕ ਸਭਾ ਚੋਣਾਂ ਲਈ 'ਆਪ' ਨੇ ਚੋਣ ਪ੍ਰਚਾਰ ਨੂੰ ਤੇਜ਼ ਕਰ ਦਿੱਤਾ ਹੈ। 'ਆਪ' ਵਰਕਰਾਂ ਤੇ ਵਲੰਟੀਅਰਾਂ ਵੱਲੋਂ ਪੰਜਾਬ ਦੀਆਂ ਸਾਰੀਆਂ ਲੋਕ ਸਭਾ ਸੀਟਾਂ 'ਤੇ ਘਰ-ਘਰ ਜਾ ਕੇ 'ਆਪ' ਸਰਕਾਰ ਵੱਲੋਂ ਦੋ ਸਾਲਾਂ ਵਿੱਚ ਕੀਤੇ ਕੰਮਾਂ ਨੂੰ ਲੋਕਾਂ ਤੱਕ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਦੋ ਸਾਲਾਂ ਵਿੱਚ ਕੀਤੇ ਕੰਮਾਂ ਤੋਂ ਬਹੁਤ ਖੁਸ਼ ਹਨ, ਜੋ ਕਿ ਲੋਕ ਸਭਾ ਚੋਣਾਂ ਵਿੱਚ ਵੀ ਸਾਰੀਆਂ ਸੀਟਾਂ 'ਤੇ 'ਆਪ' ਉਮੀਦਵਾਰਾਂ ਨੂੰ ਯਕੀਨੀ ਜਿੱਤ ਦਵਾਉਣਗੇ।

ਬਰਸਟ ਨੇ ਕਿਹਾ ਕਿ 'ਆਪ' ਦੇ ਕਨਵੀਨਰ ਸ੍ਰੀ ਅਰਵਿੰਦ ਕੇਰਜੀਵਾਲ ਤੇ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ 'ਆਪ' ਸਰਕਾਰ ਨੇ ਦੋ ਸਾਲਾਂ ਵਿੱਚ ਸਿੱਖਿਆ ਤੇ ਸਿਹਤ ਦੇ ਖੇਤਰ ਵਿੱਚ ਮਿਸਾਲ ਯੋਗ ਕੰਮ ਕੀਤੇ ਹਨ, ਜਿਸ ਨਾਲ ਆਮ ਲੋਕਾਂ ਨੂੰ ਬਹੁਤ ਲਾਭ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ 90 ਫ਼ੀਸਦੀ ਤੋਂ ਵੱਧ ਪਰਿਵਾਰਾਂ ਨੂੰ 600 ਯੂਨਿਟ ਮੁਫ਼ਤ ਬਿਜਲੀ ਦਿੱਤੀ ਜਾ ਰਹੀ ਹੈ। ਇਸ ਤੋਂ ਇਲਾਵਾ ਸੂਬਾ ਸਰਕਾਰ ਨੇ ਦੋ ਸਾਲਾਂ ਦੌਰਾਨ 42 ਹਜ਼ਾਰ ਦੇ ਕਰੀਬ ਨੌਜਵਾਨਾਂ ਨੂੰ ਰੁਜ਼ਗਾਰ ਮੁਹੱਈਆ ਕਰਵਾਇਆ ਹੈ। ਰਾਜ ਵਿੱਚ ਨੌਜਵਾਨਾਂ ਨੂੰ ਖੇਡਾਂ ਵੱਲ ਪ੍ਰੋਤਸਾਹਿਤ ਕਰਨ ਲਈ ਖੇਡ ਨਰਸਰੀਆਂ ਬਣਾਇਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ 'ਆਪ' ਦੇ ਵਲੰਟੀਅਰਾਂ ਵੱਲੋਂ ਸੂਬਾ ਸਰਕਾਰ ਦੇ ਕੰਮਾਂ ਨੂੰ ਘਰ-ਘਰ ਪਹੁੰਚਾਇਆ ਜਾ ਰਿਹਾ ਹੈ।

'ਆਪ' ਪੰਜਾਬ ਦੇ ਜਨਰਲ ਸਕੱਤਰ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ, ਕਾਂਗਰਸ ਤੇ ਭਾਜਪਾ ਨੇ ਲੋਕਾਂ ਨਾਲ ਜੋ ਵਾਅਦੇ ਕੀਤੇ ਸਨ, ਉਹ ਕਦੇ ਵੀ ਪੂਰੇ ਨਹੀਂ ਕੀਤੇ ਹਨ। ਇਸੇ ਕਰਕੇ ਪੰਜਾਬ ਦੇ ਲੋਕਾਂ ਨੇ ਦੇਸ਼ 'ਤੇ 70 ਸਾਲ ਰਾਜ ਕਰਨ ਵਾਲੀਆਂ ਪਾਰਟੀਆਂ ਨੂੰ ਪਾਸੇ ਹਟਾ ਕੇ ਆਮ ਲੋਕਾਂ ਨੂੰ ਸੱਤਾ ਚਲਾਉਣ ਦਾ ਮੌਕਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਅੱਜ ਸ਼੍ਰੋਮਣੀ ਅਕਾਲੀ ਦਲ, ਕਾਂਗਰਸ ਤੇ ਭਾਜਪਾ ਆਪਣੀ ਹੋਂਦ ਬਚਾਉਣ ਲਈ ਚੋਣਾਂ ਲੜ ਰਹੇ ਹਨ, ਜਿਨ੍ਹਾਂ ਵੱਲੋਂ ਲੋਕਾਂ ਨੂੰ ਝੂਠੇ ਵਾਅਦੇ ਕੀਤੇ ਜਾ ਰਹੇ ਹਨ। ਸ. ਬਰਸਟ ਨੇ ਕਿਹਾ ਕਿ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਸਿਆਸਤ ਹਾਸ਼ੀਏ ਤੇ ਹੈ। ਸਿਆਸੀ ਜ਼ਮੀਨ ਤਲਾਸ਼ਦੇ ਹੋਏ ਅਕਾਲੀ ਦਲ ਵੱਲੋਂ ਪੰਜਾਬ ਦੇ ਹਿੱਤਾਂ ਨੂੰ ਛੱਡ ਕੇ ਆਪਣੇ ਨਿੱਜੀ ਸਵਾਰਥ ਨੂੰ ਉੱਪਰ ਰੱਖਿਆ ਹੋਇਆ ਹੈ। ਸੁਖਬੀਰ ਸਿੰਘ ਬਾਦਲ ਆਪਣੀ ਹੋਂਦ ਦੀ ਲੜਾਈ ਲੜ ਰਿਹਾ ਹੈ ਅਤੇ ਪਾਰਟੀ ਵਿੱਚ ਆਪਸੀ ਖਿੱਚਤਾਨ ਚੱਲ ਰਹੀ ਹੈ। ਇਸੇ ਦਾ ਨਤੀਜਾ ਹੈ ਕਿ ਅਜੇ ਤੱਕ ਅਕਾਲੀ ਦਲ, ਕਾਂਗਰਸ ਅਤੇ ਬੀਜੇਪੀ ਵੱਲੋਂ ਪੰਜਾਬ ਵਿੱਚ ਉਮੀਦਵਾਰਾਂ ਦੇ ਨਾਂ ਘੋਸ਼ਤ ਨਹੀਂ ਕੀਤੇ ਗਏ ਹਨ।

ਬਰਸਟ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਕੇਂਦਰੀ ਲੀਡਰਸ਼ਿਪ ਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ 'ਆਪ' ਪੰਜਾਬ ਦੀਆਂ ਸਾਰੀਆਂ 13 ਲੋਕ ਸਭਾ ਸੀਟਾਂ 'ਤੇ ਵੱਡੇ ਅੰਤਰ ਨਾਲ ਜਿੱਤ ਹਾਸਲ ਕਰੇਗੀ। ਉਨ੍ਹਾਂ ਕਿਹਾ ਕਿ ਲੋਕ ਸਭਾ ਚੋਣਾਂ ਵਿੱਚ ਵਿਰੋਧੀ ਪਾਰਟੀਆਂ ਦੇ ਉਮੀਦਵਾਰਾਂ ਦੀਆਂ ਜਮਾਨਤਾ ਤੱਕ ਜ਼ਬਤ ਹੋ ਜਾਣਗੀਆਂ। ਪੰਜਾਬ ਦੇ ਲੋਕ ਇਕ ਵਾਰ ਫਿਰ ਆਪਣੇ ਨਿੰਜੀ ਹਿੱਤਾਂ ਲਈ ਪੰਜਾਬ ਨੂੰ ਹਾਸ਼ੀਏ 'ਤੇ ਪਹੁੰਚਾਉਣ ਵਾਲਿਆਂ ਨੂੰ ਮੂੰਹ ਤੋੜਵਾਂ ਜਵਾਬ ਦੇਣਗੇ।

# ਡਾਇਰੈਕਟਰ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਵੱਲੋਂ ਸਿਵਲ ਹਸਪਤਾਲ ਫਰੀਦਕੋਟ ਦਾ ਦੌਰਾ



ਫਰੀਦਕੋਟ, 18 ਮਾਰਚ (ਗਿਆਨ ਸਿੰਘ): ਡਾਇਰੈਕਟਰ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਡਾ ਅਨਿਲ ਗੋਇਲ ਵੱਲੋਂ ਅੱਜ ਸਿਵਲ ਹਸਪਤਾਲ ਫਰੀਦਕੋਟ ਦਾ ਦੌਰਾ ਕੀਤਾ ਗਿਆ ਇਸ ਦੌਰਾਨ ਉਨਾਂ ਵੱਲੋਂ ਨਵੇਂ ਬਣ ਰਹੇ ਜੱਚਾ ਬੱਚਾ ਵਿੰਗ ਦੀ ਬਿਲਡਿੰਗ ਦੇ ਕੰਮਾਂ ਬਾਰੇ ਵੀ ਇੰਜਨੀਅਰਿੰਗ ਵਿੰਗ ਦੇ ਅਧਿਕਾਰੀਆਂ ਪਾਸੋਂ ਜਾਇਜ਼ਾ ਲਿਆ ਗਿਆ। ਇਸ ਮੌਕੇ ਉਹਨਾਂ ਨਾਲ ਸਿਵਲ ਸਰਜਨ ਫਰੀਦਕੋਟ ਡਾ. ਮਨਿੰਦਰ ਪਾਲ ਸਿੰਘ, ਡਿਪਟੀ ਮੈਡੀਕਲ ਕਮਿਸ਼ਨਰ ਡਾ. ਜਯੋਤੀ, ਜਿਲ੍ਹਾ ਟੀਕਾਕਰਨ ਅਫਸਰ ਡਾ. ਵਰਿੰਦਰ ਕੁਮਾਰ, ਡਾ. ਸਰਵਦੀਪ ਰੋਮਾਣਾ, ਡਾ. ਹੁਸਨਪਾਲ ਸਿੱਧੂ, ਮਾਸ ਮੀਡੀਆ ਅਫਸਰ ਕੁਲਵੰਤ ਸਿੰਘ ਵੀ ਹਾਜਰ ਸਨ।

ਇਸ ਤੋਂ ਇਲਾਵਾ ਉਹਨਾਂ ਵੱਲੋਂ ਸਿਵਲ ਹਸਪਤਾਲ ਦੇ ਓ ਪੀ ਡੀ ਵਿੰਗ, ਐਮ ਸੀ ਐਚ ਵਾਰਡ, ਲੈਬ, ਬਲੱਡ ਸਟੋਰੇਜ ਯੂਨਿਟ, ਡਾਇਲਸਿਸ ਯੂਨਿਟ, ਐਮਰਜੰਸੀ ਅਤੇ ਜਨਰਲ ਵਾਰਡ, ਟੀ ਬੀ ਵਿੰਗ, ਫਿਜੀਓਥਰੈਪੀ ਯੂਨਿਟ, ਡੋਪ ਟੈਸਟ ਰੂਮ, ਮੁੱਖ ਮੈਡੀਸਨ ਸਟੋਰ, ਅਯੂਸ਼ਮਨ ਫਾਰਮੈਸੀ, ਓਪਰੇਸ਼ਨ ਥੀਏਟਰ, ਕਰਸਨਾ ਲੈਬ, ਜਨ ਔਸ਼ਧੀ ਸਟੋਰ, ਕੰਟੀਨ, ਟੀਕਾਕਰਨ ਕੇਂਦਰ ਆਦਿ ਵਿਖੇ ਦੌਰਾ ਕੀਤਾ ਗਿਆ ਅਤੇ ਇਸ ਮੌਕੇ ਉਹਨਾਂ ਵੱਲੋਂ ਵਾਰਡਾਂ ਵਿੱਚ ਦਾਖਲ ਮਰੀਜਾਂ ਤੋਂ ਹਸਪਤਾਲ ਵਿੱਚ ਮਿਲਦੀਆਂ ਸਹੂਲਤਾਂ ਬਾਰੇ ਗੱਲਬਾਤ ਕੀਤੀ ਅਤੇ ਹਸਪਤਾਲ ਦੇ ਪ੍ਰਬੰਧਾਂ ਤੇ ਤਸੱਲੀ ਪ੍ਰਗਟ ਕਰਦਿਆਂ ਸਿਹਤ ਅਮਲੇ ਨੂੰ ਕਿਹਾ ਕਿ ਆਪਣੀ ਡਿਊਟੀ ਤਨਦੇਹੀ ਨਾਲ ਨਿਭਾਈ ਜਾਵੇ ਤਾਂ ਜੋ ਲੋਕਾਂ ਨੂੰ ਸਿਹਤ ਸਹੂਲਤਾਂ ਲੈਣ ਵਿੱਚ ਕੋਈ ਦਿੱਕਤ ਜਾਂ ਪ੍ਰੇਸ਼ਾਨੀ ਨਾ ਆਵੇ।

TechSpirit

Consultation, Installation & Servicing

Specialized in:
• Analog & IP security cameras • Installation & Maintenance, Upgrade • Video Doorbell Installation

Call: 905-621-4100

7-8770 The Gore Road, Brampton, ON L6P 0B1

1080p HD ਦੇ 4 ਸਿਕਯੂਰਿਟੀ ਕੈਮਰੇ ਸਿਰਫ $999 ਵਿੱਚ ਲਗਵਾਓ

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Well settled Ramgarhia Family living in Winnipeg from 16 years looking for a suitable match for their son 33-year-old,5-10 Tall, clean shaved, Active in Real Estate Business and financing Business Manitoba and Ontario.
Contact number-204-510-7658 and 519-917-5055.

7Feb

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal, Co-Host
Iqbal Mahal, Producer & Host
Serving the South Asian Community Since 1976

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉੱਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਸੈਲ ਐਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਲੋਕ ਸਭਾ ਚੋਣਾਂ-ਆਪਣਾ ਰਾਹ ਆਪ ਅਖ਼ਤਿਆਰ ਕਰਦਾ ਹੈ ਪੰਜਾਬ !

-ਗੁਰਮੀਤ ਸਿੰਘ ਪਲਾਹੀ-

ਪੰਜਾਬ, ਲੋਕ ਸਭਾ ਚੋਣਾਂ ਵੇਲੇ ਆਪਣਾ ਰਾਹ ਆਪ ਉਲੀਕਦਾ ਹੈ, ਉਹ ਦੇਸ਼ 'ਚ ਚੱਲੀ ਕਿਸੇ "ਵਿਅਕਤੀ ਵਿਸ਼ੇਸ਼" ਦੀ ਲਹਿਰ ਦਾ ਹਿੱਸਾ ਨਹੀਂ ਬਣਦਾ। ਉਹ ਧੱਕੇ ਧੌਂਸ ਵਿਰੁੱਧ ਹਿੱਕ ਡਾਹਕੇ ਖੜਦਾ ਹੈ, ਸੰਘਰਸ਼ ਕਰਦਾ ਹੈ। ਗੱਲ ਦੇਸ਼ 'ਚ 1975 'ਚ ਲੱਗੀ ਐਮਰਜੈਂਸੀ ਵੇਲੇ ਦੀ ਕਰ ਲਈਏ ਜਾਂ 2014 'ਚ ਚੱਲੀ "ਮੋਦੀ ਲਹਿਰ" ਦੀ , ਪੰਜਾਬ ਆਪਣੀ ਚਾਲੇ ਚਲਦਾ ਰਿਹਾ ਅਤੇ ਸਪਸ਼ਟ ਨਤੀਜੇ ਦਿੰਦਾ ਰਿਹਾ।

ਦੇਸ਼ 'ਚ ਲੋਕ ਸਭਾ ਚੋਣਾਂ ਦਾ ਬਿਗਲ ਵੱਜ ਗਿਆ ਹੈ। 17 ਵੀਂ ਲੋਕ ਸਭਾ ਚੋਣਾਂ 'ਚ 98 ਕਰੋੜ ਭਾਰਤੀ ਵੋਟਰ ਹਿੱਸਾ ਲੈਣਗੇ ਜੋ 7 ਪੜ੍ਹਾਵਾਂ 'ਚ ਹੋ ਰਹੀ ਹੈ। 19 ਅਪ੍ਰੈਲ 2024 ਤੋਂ ਪਹਿਲਾ ਪੜ੍ਹਾਅ ਅਤੇ ਪਹਿਲੀ ਜੂਨ 2024 ਨੂੰ ਸੱਤਵੇ ਪੜ੍ਹਾਅ 'ਚ ਵੱਖੋ-ਵੱਖਰੇ ਰਾਜਾਂ 'ਚ ਚੋਣ ਹੋਏਗੀ। ਨਤੀਜੇ 4 ਜੂਨ 2024 ਨੂੰ ਨਿਕਲਣ-ਗੇ। ਪੰਜਾਬ ਪਹਿਲੀ ਜੂਨ ਨੂੰ ਚੋਣਾਂ 'ਚ ਹਿੱਸਾ ਲਵੇਗਾ। ਪੰਜਾਬ ਦੇ 2.12 ਕਰੋੜ ਵੋਟਰ ਹਨ। 2019 ਦੀਆਂ ਚੋਣਾਂ ਨਾਲੋਂ 8.96 ਲੱਖ ਵੋਟਰਾਂ ਦਾ 2024 ਦੀਆਂ ਚੋਣਾਂ ਲਈ ਵਾਧਾ ਹੋਇਆ ਹੈ। ਪੁਰਸ਼ 1.11 ਕਰੋੜ, ਔਰਤਾਂ 1.00 ਕਰੋੜ ਅਤੇ 744 ਟਰੈਜੈਂਡਰ ਹਨ।

ਪੰਜਾਬ ਦੇ 13 ਚੋਣ ਹਲਕਿਆਂ, ਪਟਿਆਲਾ, ਫਤਿਹਗੜ੍ਹ, ਗੁਰਦਾ-ਸਪੁਰ, ਅੰਮ੍ਰਿਤਸਰ, ਖਡੂਰ ਸਾਹਿਬ, ਜਲੰਧਰ, ਹੁਸ਼ਿਆਰਪੁਰ, ਅਨੰਦਪੁਰ, ਲੁਧਿਆਣਾ, ਫਰੀਦਕੋਟ, ਫਿਰੋਜਪੁਰ,ਬਠਿੰਡਾ, ਸੰਗਰੂਰ ਵਿਚੋਂ 4 ਲੋਕ ਸਭਾ ਸੀਟਾਂ ਹੁਸ਼ਿਆਰਪੁਰ, ਜਲੰਧਰ, ਫਤਿਹਗੜ੍ਹ, ਫਰੀਦਕੋਟ ਅਨੁਸੂਚਿਤ ਜਾਤੀਆਂ ਲਈ ਰਾਖਵੀਆਂ ਹਨ।

ਚਲਦੇ-ਚਲਦੇ ਮੋਦੀ ਦੌਰ ਦੇ ਪੰਜਾਬ ਦੇ ਲੋਕ ਸਭਾ ਚੋਣ ਨਤੀਜਿਆਂ ਉਤੇ ਝਾਤੀ ਮਾਰਦੇ ਹਾਂ। ਸਾਲ 2014 'ਚ ਜਦੋਂ ਦੇਸ਼ ਮੋਦੀ ਲਹਿਰ 'ਚ ਗ੍ਰਸਿਆ ਪਿਆ ਸੀ, ਭਾਜਪਾ ਨੂੰ ਪੰਜਾਬ ਵਿਚੋਂ ਸਿਰਫ਼ ਦੋ ਸੀਟਾਂ ਪ੍ਰਾਪਤ ਹੋਈਆਂ, ਜਦਕਿ ਦੇਸ਼ ਭਰ 'ਚ ਭਾਜਪਾ ਨੂੰ 282 ਸੀਟਾਂ ਆਈਆਂ ਸਨ। ਸਾਲ 2019 ਦਾ ਭਾਜਪਾ ਨੂੰ ਫਿਰ ਦੇਸ਼ 'ਚ 303 ਸੀਟਾਂ ਮਿਲੀਆਂ ਪਰ ਪੰਜਾਬ ਵਿਚ ਉਹ ਸਿਰਫ਼ ਤਿੰਨ ਸੀਟਾਂ ਪ੍ਰਾਪਤ ਕਰ ਸਕੀ, ਉਹ ਵੀ ਸ਼੍ਰੋਮਣੀ ਅਕਾਲੀ ਦਲ (ਬ) ਦੇ ਗੱਠਜੋੜ ਕਾਰਨ।

ਇਹਨਾ ਦਸ ਸਾਲਾਂ 'ਚ ਕੇਂਦਰ 'ਚ ਭਾਜਪਾ ਕਾਬਜ ਰਹੀ, ਪਰ ਪੰਜਾਬ 'ਚ ਪਹਿਲਾਂ, ਅਕਲੀ-ਭਾਜਪਾ, ਫਿਰ ਕਾਂਗਰਸ ਅਤੇ ਫਿਰ ਆਪ ਆਦਮੀ ਪਾਰਟੀ ਨੇ ਆਪਣੀਆਂ ਸੂਬਾ ਸਰਕਾਰਾਂ ਬਣਾਈਆਂ ਅਤੇ ਅਕਾਲੀ-ਭਾਜਪਾ ਗੱਠਜੋੜ ਦਾ ਜਿਵੇਂ ਸੂਬੇ ਪੰਜਾਬ ਵਿਚੋਂ ਸਫਾਇਆ ਹੀ ਕਰ ਦਿੱਤਾ। ਭਾਜਪਾ ਨੂੰ ਕਿਸਾਨ ਅੰਦੋਲਨ ਨੇ ਪੰਜਾਬ 'ਚ ਵਧੇਰੇ ਪ੍ਰਭਾਵਤ ਕੀਤਾ।

ਪੰਜਾਬ 'ਚੋਂ ਉਠੇ ਪਹਿਲੇ ਕਿਸਾਨ ਅੰਦਲਨ ਨੇ ਪੰਜਾਬ ਵਿੱਚ ਹੀ ਨਹੀਂ ਸਗੋਂ ਸਮੁੱਚੇ ਭਾਰਤ ਵਿੱਚ ਭਾਜਪਾ ਦੇ ਕੇਂਦਰਵਾਦ ਵਿਰੁੱਧ ਅਵਾਜ਼ ਉਠਾਈ। ਤਿੰਨ ਕਾਲੇ ਖੇਤੀ ਕਾਨੂੰਨ, ਉਸ ਪ੍ਰਧਾਨ ਮੰਤਰੀ ਕੋਲੋਂ ਰੱਦ ਕਰਵਾਏ, ਜਿਸ ਬਾਰੇ ਕਿਹਾ ਜਾਂਦਾ ਸੀ ਕਿ ਉਹ ਕਿਸੇ ਅੱਗੇ ਝੁਕਦਾ ਨਹੀਂ ਅਤੇ ਮੋਦੀ ਹੈ ਤਾਂ ਮੁਮਕਿਨ' ਹੈ। ਇਹ ਅੰਦੋਲਨ, ਜੋ ਕਿਸਾਨਾਂ, ਮਜ਼ਦੂਰਾਂ, ਬੁੱਧੀਜੀਵੀਆਂ, ਚੇਤੰਨ ਲੋਕਾਂ ਦਾ ਅੰਦੋਲਨ ਹੋ ਨਿਬੜਿਆ, ਨੇ ਪੰਜਾਬ ਵਿਚੋਂ ਇੱਕ ਇਹੋ ਜਿਹਾ ਸੰਦੇਸ਼ ਦਿੱਤਾ ਕਿ ਲੋਕਤੰਤਰੀ ਢਾਂਚੇ ਨੂੰ ਆਂਚ ਆਉਣ ਅਤੇ ਭਾਰਤੀ ਸੰਘਵਾਦ ਦੀ ਤਬਾਹੀ ਜਾਂ ਖ਼ਾਤਮੇ ਲਈ ਕਿਸੇ ਵੀ ਯਤਨ ਨੂੰ ਪੰਜਾਬ ਵਿੱਚ ਪ੍ਰਵਾਨ ਨਹੀਂ ਕੀਤਾ ਜਾ ਸਕਦਾ।

ਬਾਵਜੂਦ ਇਸ ਗੱਲ ਦੇ ਕਿ ਪੰਜਾਬ ਦੇ ਲੋਕਾਂ ਨੇ 1947 ਭੁਗਤੀ, '84 ਦਾ ਸੰਤਾਪ ਪਿੰਡੇ ਹੰਢਾਇਆ, ਖਾੜਕੂਵਾਦ ਦੇ ਦੌਰ 'ਚ ਵੱਡਾ ਨੁਕਸਾਨ ਉਠਾਇਆ ਪਰ ਪੰਜਾਬ ਦੇ ਲੋਕ, ਜਿਹਨਾ ਦੇ ਪੱਲੇ ਆਜ਼ਾਦੀ ਦੀ ਅਲਖ਼ ਉਹਨਾ ਦੇ ਪੂਰਬਜਾਂ ਨੇ ਜਗਾਈ ਹੋਈ ਸੀ, ਉਸ ਵਿਰਾਸਤ ਨੂੰ ਅੱਗੇ ਤੋਰਿਆ ਅਤੇ ਨਿਰੰਤਰ ਤੋਰਿਆ।

1975 ਦੀ ਐਮਰਜੈਂਸੀ ਦੇ ਵਰ੍ਹਿਆਂ 'ਚ ਪੰਜਾਬ ਦੇ ਲੋਕਾਂ ਨੇ ਜੇਲ੍ਹਾਂਕੱਟੀਆਂ, ਉਹ ਤਤਕਾਲੀ ਪ੍ਰਧਾਨ ਮੰਤਰੀ ਇੰ-ਦਰਾ ਗਾਂਧੀ ਦੀਆਂ ਨੀਤੀਆਂ ਦੇ ਵਿਰੁੱਧ ਲੜੇ, ਉਹ ਜੈਪ੍ਰਕਾਸ਼ ਨਰਾਇਣ ਦੀ ਅਗਵਾਈ 'ਚ ਵਿਰੋਧੀ ਦਲਾਂ ਦੀ ਮੁਹਿੰਮ 'ਚ ਉਹਨਾ ਨਾਲ ਨਿਭੇ। ਲਗਭਗ ਇਹਨਾ ਹੀ ਵਰ੍ਹਿਆਂ 'ਚ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਨੇ ਅਨੰਦਪੁਰ ਸਾਹਿਬ ਦਾ ਮਤਾ ਲਿਆਂਦਾ, ਜੋ ਸੂਬਿਆਂ ਨੂੰ ਵੱਧ ਅਧਿਕਾਰ ਦੇਣ ਦੀ ਮੰਗ ਕਰਦਾ ਸੀ। ਜਿਸਨੇ ਸਮੁੱਚੇ ਦੇਸ਼ 'ਚ ਇੱਕ ਤਰ੍ਹਾਂ ਨਵੀਂ ਚਰਚਾ ਛੇੜੀ।

ਇਸੇ ਦੌਰ 'ਚ ਦੱਖਣੀ ਭਾਰਤ 'ਚ ਖੇਤਰੀ ਪਾਰਟੀਆਂ ਡੀਐਮਕੇ ਅਤੇ ਅੰਨਾਡੀਐਮਕੇ(ਤਾਮਿਲਨਾਡੂ) ਤੇਲਗੂ ਦੇਸ਼ਮ ਅਤੇ ਵਾਈ ਐਸ.ਆਰ. (ਆਂਧਰਾ ਪ੍ਰਦੇਸ਼) ਅਤੇ ਤਿਲੰਗਾਨਾ 'ਚ ਟੀ.ਆਰ.ਐਸ ਵਰਗੀਆਂ ਪਾਰਟੀਆਂ ਨੇ ਸੂਬਿਆਂ ਲਈ ਵਧ ਅਧਿਕਾਰਾਂ ਦੀ ਮੰਗ ਕੀਤੀ। ਪਰ ਕਿਉਂਕਿ ਭਾਜਪਾ ਕਦੇ ਵੀ ਖੇਤਰੀ ਦਲਾਂ ਦੇ ਹੱਕ 'ਚ ਨਹੀਂ ਰਹੀ। ਕਈ ਥਾਵੀਂ ਉਸ ਵੇਲੇ ਖੇਤਰੀ ਦਲਾਂ ਨਾਲ ਸਾਂਝ ਭਿਆਲੀ ਕਰਦਿਆਂ, ਉਹਨਾ ਦੀ ਹੋਂਦ ਮਿਟਾਉਣ ਦਾ ਯਤਨ ਕੀਤਾ। ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਬਾਦਲ ਨਾਲ ਸਾਂਝ ਪਾਕੇ, ਉਸਦਾ ਵੱਡਾ ਨੁਕਸਾਨ ਕੀਤਾ। ਜਨਤਾ ਪਾਰਟੀ, ਇਨੈਲੋ, ਭਾਜਪਾ ਅਤੇ ਜਨਤਾ ਦਲ(ਐਸ) ਨਾਲ ਕੁਝ ਸਮੇਂ ਦੀ ਸਾਂਝ ਭਿਆਲੀ, ਉਹਨਾ ਪਾਰਟੀਆਂ ਦੀ ਦੁਰਦਸ਼ਾ ਦਾ ਕਾਰਨ ਬਣੀ। ਮਹਾਂਰਾਸ਼ਟਰ , ਉਡੀਸਾ, ਆਂਧਰਾ ਪ੍ਰਦੇਸ਼, ਹਰਿਆਣਾ ਵਿੱਚ ਸਿਵਸੈਨਾ, ਐਸ.ਸੀ.ਪੀ. ਅਤੇ ਜਜਪਾ ਨਾਲ ਸਾਂਝ ਭਿਆਲੀ ਕਰਕੇ ਭਾਜਪਾ ਦਾ ਉਦੇਸ਼ ਉਹਨਾ ਨੂੰ ਖ਼ਤਮ ਕਰਨਾ ਸੀ। ਪਰ ਉਹ ਸਮਾਂ ਰਹਿੰਦਿਆਂ ਭਾਜਪਾ ਦੀ ਚਾਲ ਸਮਝ ਗਏ।

ਪੰਜਾਬ ਦੇ ਲੋਕ ਵੀ ਭਾਜਪਾ ਦੀਆਂ ਨੀਤੀਆਂ ਤੋਂ ਵਾਕਫ ਹੋਏ। ਉਸਦੇ ਕੇਂਦਰੀਵਾਦ, ਇੱਕ ਦੇਸ਼ ਇੱਕ ਬੋਲੀ, ਇੱਕ ਚੋਣ ਦੇ ਦੇਸ਼ 'ਚ ਲਾਗੂ ਕਰਨ ਦੇ ਮੰਤਵ ਨੂੰ ਨਿਕਾਰਿਆ। ਧਾਰਮਿਕ ਕੱਟੜਤਾ ਦੇ ਉਸਦੇ ਅਜੰਡੇ ਨੂੰ ਪੰਜਾਬ ਨੇ ਕਦੇ ਪ੍ਰਵਾਨ ਨਹੀਂ ਕੀਤਾ ਅਤੇ ਪੰਜਾਬ ਨੇ ਭਾਜਪਾ ਨੂੰ ਕਦੇ ਵੀ ਤਰਜੀਹ ਨਹੀਂ ਦਿੱਤੀ, ਬਾਵਜੂਦ ਇਸ ਗੱਲ ਦੇ ਕਿ ਉਸ ਵਲੋਂ ਹੋਰ ਪਾਰਟੀਆਂ ਦੇ ਵੱਡੇ ਨੇਤਾਵਾਂ ਜਿਵੇਂ ਕਾਂਗਰਸ ਦੇ ਕੈਪਟਨ ਅਮਰਿੰਦਰ ਸਿੰਘ, ਸੁਨੀਲ ਜਾਖੜ ਵਰਗੇ ਨੇਤਾਵਾਂ ਨੂੰ ਆਪਣੇ ਨਾਲ ਜੋੜ ਲਿਆ। ਭਾਜਪਾ ਦੇ ਕੇਂਦਰ ਸਰਕਾਰ ਦੇ ਨਾਹਰੇ "ਡਬਲ ਇੰਜਣ" ਸਰਕਾਰ ਦੇ ਲਾਲੀਪਾਪ ਨੂੰ ਪੰਜਾਬ ਨੇ ਕਦੇ ਵੀ ਪ੍ਰਵਾਨ ਨਹੀਂ ਕੀਤਾ।




ਪੰਜਾਬ ਸਰਹੱਦੀ ਸੂਬਾ ਹੈ। ਇਸ ਸੂਬੇ ਨੇ ਆਪਣੇ ਸੀਨੇ 'ਤੇ ਜੰਗਾਂ ਵੀ ਸਹੀਆਂ। ਖਾੜਕੂਵਾਦ ਦਾ ਸੰਤਾਪ ਵੀ ਹੰਢਾਇਆ। ਬੋਲੀ 'ਤੇ ਅਧਾਰਤ "ਪੰਜਾਬੀ ਸੂਬਾ" ਪ੍ਰਾਪਤ ਕਰਨ ਲਈ ਲੰਮਾ ਸੰਘਰਸ਼ ਕੇਂਦਰੀ ਹਾਕਮਾਂ ਨਾਲ ਲੜਿਆ। ਆਪਣੀ ਮਾਂ ਬੋਲੀ ਪੰਜਾਬੀ ਨੂੰ ਕੇਂਦਰੀ ਹਾਕਮਾਂ ਵਲੋਂ ਦਰਕਿਨਾਰ ਕਰਨ ਤੇ ਕੋਝੀਆਂ ਚਾਲਾਂ ਚੱਲਣ ਵਿਰੁੱਧ ਅਵਾਜ਼ ਉਠਾਈ। ਪੰਜਾਬ ਦੇ ਪਾਣੀ ਖੋਹੇ ਜਾਣ ਵਿਰੁੱਧ ਸੀਨਾ ਤਾਣਕੇ ਪੰਜਾਬ ਦੇ ਲੋਕ ਖੜੇ ਹੋਏ।

ਕੇਂਦਰ ਦੇ ਹਾਕਮ, ਪੰਜਾਬ ਨੂੰ ਨਾ ਦਰਿਆਈ ਪਾਣੀਆਂ ਦੇ ਮਾਮਲੇ 'ਤੇ ਇਨਸਾਫ਼ ਦੇ ਸਕੇ, ਨਾ ਪੰਜਾਬ ਨੂੰ ਇੱਕ ਸਨਅੱਤੀ ਸੂਬੇ ਵਜੋਂ ਜਾਂ ਵਪਾਰਕ ਕੇਂਦਰ ਵਜੋਂ ਉਭਰਨ ਦੇ ਮੌਕੇ ਉਸਨੇ ਦਿੱਤੇ। ਹਾਂ, ਪੰਜਾਬ ਨੂੰ ਦੇਸ਼ ਦਾ ਅੰਨਦਾਤਾ ਆਖਕੇ ਉਸਦੀਆਂ ਵਡਿਆਈਆਂ ਕਰਕੇ, ਇਥੋਂ ਐਨੀ ਕਣਕ ਤੇ ਚਾਵਲ ਪ੍ਰਾਪਤ ਕਰਦੇ ਰਹੇ ਕਿ ਅੱਜ ਪੰਜਾਬ, ਧਰਤੀ ਹੇਠਲੇ ਪਾਣੀ ਦੀ ਥੋੜ ਕਾਰਨ ਮਾਰੂਥਲ ਬਨਣ ਵੱਲ ਅੱਗੇ ਵਧ ਰਿਹਾ ਹੈ।

ਕਿਉਂਕਿ ਕੇਂਦਰੀ ਹਾਕਮ ਪੰਜਾਬ ਨਾਲ ਦੁਪਰਿਆਰਾ ਸਲੂਕ ਕਰਦੇ ਰਹੇ, ਇਸੇ ਕਰਕੇ ਪੰਜਾਬ ਦੇ ਲੋਕਾਂ ਦੇ ਦਿਲਾਂ 'ਚ ਰੋਹ ਉਪਜਦਾ ਰਿਹਾ ਹੈ। ਇਸੇ ਕਰਕੇ ਪੰਜਾਬ ਦੇ ਫ਼ੈਸਲੇ ਆਮ ਤੌਰ 'ਤੇ ਰੋਹ ਭਰੇ ਪਰ ਵਿਵੇਕਪੂਰਨ, ਲੋਕ ਹਿਤੈਸ਼ੀ ਰਹੇ ਹਨ, ਕਿਉਂਕਿ ਪੰਜਾਬ, ਉੱਚ ਦੁਮਾਲੜੇ ਕਿਰਦਾਰ ਵਿਹਾਰ ਵਾਲੇ ਅਜਿਹੇ ਸਿਆਸਤਦਾਨਾਂ ਦੀ ਜਿਹੜੇ ਪੰਜਾਬ ਤੇ ਮੁਲਕ ਦੀ ਬਿਹਤਰੀ ਲਈ ਫੈਡਰਲ ਸਿਆਸਤ ਦੇ ਬਿਰਤਾਂਤ ਤੇ ਅਜੰਡੇ ਨੂੰ ਸਮਰਪਿਤ ਹੋਣ, ਨੂੰ ਤਰਜੀਹ ਦਿੰਦਾ ਰਿਹਾ ਹੈ।

ਪੰਜਾਬ ਜਾਗਰੂਕ ਹੈ, ਉਹ ਸਮੇਂ-ਸਮੇਂ ਉਹਨਾ ਸਿਆਸਤਦਾਨਾਂ ਨੂੰ ਸਜ਼ਾ ਦੇਣ ਲਈ ਜਾਣਿਆ ਜਾਂਦਾ ਹੈ, ਜਿਹੜੇ ਪੰਜਾਬ ਨੂੰ ਆਪਣੀ ਮਲਕੀਅਤ ਸਮਝਦੇ ਰਹੇ। ਅਕਾਲੀ ਦਲ ਜਿਹੜਾ ਪੰਜਾਬ 'ਤੇ 25 ਸਾਲ ਰਾਜ ਕਰਨ ਦੀ ਗੱਲ ਕਰਦਾ ਰਿਹਾ, ਉਸ ਨੂੰ ਕਿਸਾਨਾਂ ਦੇ ਵਿਰੋਧ ਅਤੇ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਮਾਮਲੇ ਨੂੰ ਸਹੀ ਢੰਗ ਨਾਲ ਨਾ ਨਿਪਟਾਉਣ ਕਾਰਨ ਸੱਤਾ ਤੋਂ ਹੱਥ ਧੋਣੇ ਪਏ।

ਦੋ ਸਾਲ ਪਹਿਲਾਂ ਜਦੋਂ ਆਮ ਆਦਮੀ ਪਾਰਟੀ ਨੂੰ ਪੰਜਾਬ ਨੇ ਆਪਣੇ ਸਿਰ 'ਤੇ ਬਿਠਾਇਆ, ਉਸ ਵਲੋਂ ਕੀਤੀ ਇਕੋ ਗਲਤੀ ਨੇ ਰਾਜਭਾਗ ਦੇ 6 ਮਹੀਨਿਆਂ ਦੇ ਅੰਦਰ ਸੰਗਰੂਰ ਲੋਕ ਸਭਾ ਸੀਟਾਂ ਦੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਖਾਲੀ ਹੋਈ ਲੋਕ ਸਭਾ ਸੀਟ ਤੋਂ ਜਿਮਨੀ ਚੋਣ ਵੇਲੇ ਆਮ ਆਦਮੀ ਪਾਰਟੀ ਨੂੰ ਹਰਾ ਕੇ ਸਿਮਰਨਜੀਤ ਸਿੰਘ ਮਾਨ, ਸ਼੍ਰੋਮਣੀ ਅਕਾਲੀ ਦਲ (ਸਿਮਰਨਜੀਤ ਸਿੰਘ) ਨੂੰ ਇਹ ਸੀਟ ਜਿਤਾ ਦਿੱਤੀ।

ਅੱਜ ਜਦ ਭਾਜਪਾ ਆਪਣੇ ਮੂਲ ਅਜੰਡੇ ਨੂੰ ਅੱਗੇ ਵਧਾਉਣ ਲਈ ਲੋਕਾਂ ਨੂੰ ਪਾਰਟੀ ਲਈ 370 ਸੀਟਾਂ ਜਿਤਾਉਣ ਦੀ ਅਪੀਲ ਕਰ ਰਹੀ ਹੈ। ਉਸਦਾ ਅਜੰਡਾ ਸਿਰਫ ਹਿੰਦੂ ਰਾਸ਼ਟਰ ਆਯੋਧਿਆ, ਕਾਸ਼ੀ ਤੱਕ ਸੀਮਤ ਨਹੀਂ ਰਹੇਗਾ। ਹਿੰਦੂ ਮੰਦਰਾਂ ਦੇ ਕੋਲ ਹੋਰ ਵੀ ਮਸਜਿਦਾਂ ਨੂੰ ਲੈ ਕੇ ਵਿਵਾਦ ਹੋਣਗੇ। ਵੱਧ ਤੋਂ ਵੱਧ ਸੜਕਾਂ ਦੇ ਨਾਂਅ ਬਦਲੇ ਜਾਣਗੇ। ਗਿਆਰਾ ਮਾਰਚ 2024 ਨੂੰ ਨਾਗਰਿਕਤਾ ਸੋਧ ਕਾਨੂੰਨ 2019 ਲਾਗੂ ਕਰਨ ਦੀ ਪ੍ਰਕਿਰਿਆ ਸ਼ੁਰੂ ਹੋ ਗਈ ਹੈ। ਤਜ਼ਰਬੇ ਦੇ ਤੌਰ 'ਤੇ ਉਤਰਾਖੰਡ 'ਚ ਇਹ ਲਾਗੂ ਕਰ ਦਿੱਤਾ ਗਿਆ ਹੈ। ਇੱਕ ਰਾਸ਼ਟਰ, ਇੱਕ ਚੋਣ ਦਾ ਕਾਨੂੰਨ ਵੀ ਸੰਸਦ 'ਚ ਪਾਸ ਕਰ ਦਿੱਤਾ ਜਾਏਗਾ। ਇਸ ਨਾਲ ਸੰਘਵਾਦ ਅਤੇ ਲੋਕਤੰਤਰ ਹੋਰ ਵੀ ਕਮਜ਼ੋਰ ਹੋ ਜਾਏਗਾ। ਅਤੇ ਭਾਰਤ ਸਰਕਾਰ ਰਾਸ਼ਟਰਪਤੀ ਪ੍ਰਣਾਲੀ ਦੇ ਨਜ਼ਦੀਕ ਪੁੱਜ ਜਾਏਗਾ। ਜਿਸ ਵਿੱਚ ਸਾਰੀਆਂ ਸ਼ਕਤੀਆਂ ਇੱਕ ਹੀ ਵਿਅਕਤੀ ਉਤੇ ਕੇਂਦਰਤਿ ਹੋ ਜਾਣਗੀਆਂ।

ਤਦ ਪੰਜਾਬ ਸਦਾ ਇਹੋ ਜਿਹੀਆਂ ਨੀਤੀਆਂ ਦੇ ਵਿਰੋਧ 'ਚ ਖੜਾ ਹੈ। ਪੰਜਾਬ ਸਦਾ ਸਾਂਝੀਵਾਲਤਾ, ਭਰਾਤਰੀ ਭਾਵ ਦਾ ਮੁਦੱਈ ਰਿਹਾ ਹੈ। ਕਹਿਣੀ ਤੋਂ ਹੀ ਨਹੀਂ ਕਰਨੀ 'ਤੇ ਉਸਦਾ ਇਸੇ 'ਚ ਵਿਚਾਰਧਾਰਾ 'ਤੇ ਵਿਸ਼ਵਾਸ਼ ਹੈ। ਇਸੇ ਕਰਕੇ ਪੰਜਾਬ 'ਚ ਵਿਰੋਧ ਦੀ ਸੁਰ ਹਾਕਮ ਧਿਰਾਂ ਵਿਰੁੱਧ ਭਾਰੂ ਰਹਿੰਦੀ ਹੈ।

ਬਿਨ੍ਹਾਂ ਸ਼ੱਕ, ਦੇਸ਼ ਇਸ ਵੇਲੇ ਮੋਦੀ ਸਰਕਾਰ ਦੇ ਪ੍ਰਚਾਰ 'ਚ ਗ੍ਰਸਿਆ ਨਜ਼ਰ ਆਉਂਦਾ ਹੈ। ਇਹ ਇੱਕ ਅਸਲੀਅਤ ਹੈ ਕਿ ਦੇਸ਼ ਦੇ ਬਹੁ-ਗਿਣਤੀ ਭਾਈਚਾਰੇ ਦੇ ਲੋਕ ਕੇਂਦਰਵਾਦ ਦਾ ਸਵਾਗਤ ਕਰਨਗੇ, ਕਿਉਂਕਿ ਸੱਚੇ ਲੋਕਤੰਤਰਿਕ ਮੁਲ ਹੁਣ ਤੱਕ ਸਾਂਝੇ ਪਰਿਵਾਰਕ, ਸਮਾਜਿਕ ਜਾਂ ਰਾਜਨੀਤਕ ਢਾਂਚੇ ਦਾ ਪੂਰੀ ਤਰ੍ਹਾਂ ਨਿਰੀਖਣ ਨਹੀਂ ਕਰ ਸਕੇ। ਇਸੇ ਲਈ ਵਿਕਾਸ ਦੇ ਨਾਅ ਉਤੇ ਅਮੀਰ ਨੂੰ ਜਿਆਦਾ ਅਮੀਰ ਹੁੰਦਿਆਂ ਲੋਕ ਪ੍ਰਵਾਨ ਕਰਨਗੇ ਅਤੇ ਹੇਠਲੇ ਪੰਜਾਹ ਫ਼ੀਸਦੀ ਲੋਕ ਕੁਲ ਜਾਇਦਾਦ ਦੇ ਤਿੰਨ ਫ਼ੀਸਦੀ ਹਿੱਸੇ ਅਤੇ ਰਾਸ਼ਟਰੀ ਆਮਦਨ ਦੇ 13 ਫ਼ੀਸਦੀ ਹਿੱਸੇ 'ਚ ਸੰਤੁਸ਼ਟ ਹੋਣ ਲਈ ਮਜ਼ਬੂਰ ਹੋਣਗੇ। ਇਸ ਨਾਲ ਸਮਾਜਿਕ , ਸੰਸਕ੍ਰਿਤਿਕ ਗੁਲਾਮੀ ਅਤੇ ਪੀੜਾ ਜਾਰੀ ਰਹੇਗੀ ਅਤੇ ਆਰਥਿਕ ਮੰਦਹਾਲੀ ਤੇ ਗਰੀਬੀ ਹੋਰ ਵਧੇਗੀ। ਇਹੋ ਜਿਹੀ ਸਥਿਤੀ ਕਾਲਪਨਿਕ ਨਹੀਂ ਹੈ। ਦੇਸ਼ 'ਚ ਇੱਕ ਗੰਭੀਰ ਸੰਕਟ ਸਥਿਤੀ ਹੈ।

ਪੰਜਾਬ ਇਹੋ ਜਿਹੀਆਂ ਵੱਡੀਆਂ ਤੇ ਗੰਭੀਰ ਸਥਿਤੀਆਂ ਨੂੰ ਮੁਗਲ ਰਾਜ ਵੇਲੇ ਵੀ ਹੰਢਾਉਂਦਾ ਰਿਹਾ ਹੈ,ਅੰਗਰੇਜ਼ ਰਾਜ ਵੇਲੇ ਵੀ। ਇਸੇ ਕਰਕੇ ਪੰਜਾਬ ਦੇ ਪੀੜਤ ਲੋਕ ਲਗਾਤਾਰ ਆਪਣੇ ਹੱਕਾਂ ਲਈ ਲੜਦੇ ਰਹੇ ਹਨ। ਸੰਘਰਸ਼ਾਂ ਤੋਂ ਸਿੱਖਦੇ ਰਹੇ ਹਨ। ਉਹ ਇਤਿਹਾਸ ਦੇ ਉਸ ਗੁਰ ਨੂੰ ਵੀ ਜਾਣਦੇ ਹਨ ਜੋ ਕਹਿੰਦਾ ਹੈ ਕਿ "ਆਜ਼ਾਦੀ ਅਤੇ ਵਿਕਾਸ ਯਕੀਨੀ ਬਨਾਉਣ ਲਈ ਸਮੇਂ-ਸਮੇਂ ਤੇ ਰਾਜ-ਭਾਗ 'ਚ ਤਬਦੀਲੀ ਜ਼ਰੂਰੀ ਹੈ।" ਪੰਜਾਬ ਨੇ ਇਸ ਸੱਚਾਈ ਨੂੰ ਪੱਲੇ ਬੰਨ੍ਹਿਆ ਹੋਇਆ ਹੈ।

ਫੋਕੇ ਨਾਹਰਿਆਂ, ਭਰਮ ਭੁਲੇਖਿਆਂ ਵਾਲੇ ਇਸ ਸਿਆਸੀ ਰੋਲੇ-ਘਚੋਲੇ 'ਚ ਭਾਰਤ ਦੀਆਂ ਚੋਣਾਂ ਉਤੇ ਦੁਨੀਆ ਦੀ ਨਜ਼ਰ ਹੈ। ਪੰਜਾਬ ਇਸ ਚੋਣ 'ਚ ਆਪਣੀਆਂ ਕਦਰਾਂ-ਕੀਮਤਾਂ ਅਨੁਸਾਰ ਨਿਵੇਕਲੀ ਇਬਾਰਤ ਲਿਖੇਗਾ, ਇਹੋ ਹੀ ਪੰਜਾਬ ਤੋਂ ਆਸ ਹੈ। ਉਮੀਦ ਹੈ।

ਅੰਤਿਕਾ

ਪੰਜਾਬ ਦੀਆਂ 13 ਸੀਟਾਂ 'ਆਪ' ਵਾਲੇ ਵੀ ਇਕੱਲਿਆਂ ਲੜਨਗੇ ਅਤੇ ਕਾਂਗਰਸ ਵਾਲੇ ਵੀ ਭਾਵੇਂ ਕਿ ਦੋਵੇਂ ਮੋਦੀ ਦੀ ਭਾਜਪਾ ਵਿਰੁੱਧ ਇੰਡੀਆ ਗੱਠਜੋੜ ਦੇ ਮੈਂਬਰ ਹਨ। ਸ਼ਾਇਦ ਖੱਬੀਆਂ ਧਿਰਾਂ ਕਾਂਗਰਸ ਦਾ ਸਾਥ ਦੇਣ। ਬਸਪਾ ਇਕੱਲਿਆਂ ਚੋਣ ਲੜੇਗੀ।

ਸ਼੍ਰੋਮਣੀ ਅਕਾਲੀ ਦਲ (ਬ) ਅਤੇ ਭਾਜਪਾ ਵੀ ਇਕੱਲਿਆਂ ਲੜਨ ਲਈ ਬਿਆਨ ਦੇ ਰਹੀ ਹੈ, ਭਾਵੇਂ ਕਿ ਸੰਭਾਵਨਾ ਇਹਨਾ 'ਚ ਆਪਣੀ ਗੱਠਜੋੜ ਦੀ ਹੈ, ਜਿਸ ਵਿੱਚ ਮੌਜੂਦਾ ਕਿਸਾਨ ਅੰਦੋਲਨ ਅੜਿੱਕਾ ਬਣਿਆ ਹੈ।

ਜੋੜ-ਤੋੜ, ਆਇਆ ਰਾਮ, ਗਿਆ ਰਾਮ ਦੀ ਰਾਜਨੀਤੀ, ਪੰਜਾਬ 'ਚ ਹਾਕਮ ਧਿਰ ਨੇ ਜਲੰਧਰ ਪਾਰਲੀਮੈਂਟ ਜਿਮਨੀ ਚੋਣ ਵੇਲੇ ਸੁਸ਼ੀਲ ਰਿੰਕੂ ਨੂੰ ਕਾਂਗਰਸ ਵਿਚੋਂ ਆਪਣੇ ਪਾਸਿਓਂ ਚੋਣ ਲੜਾਕੇ ਤੇ ਹਰ ਸਰਕਾਰੀ ਹੀਲਾ-ਵਸੀਲਾ ਵਰਤਕੇ ਜਿੱਤਕੇ,ਕੀਤੀ ਸੀ ਲੋਕ ਸਭਾ ਚੋਣਾਂ ਦੀ ਮੁਹਿੰਮ 'ਆਪ' ਨੇ ਕਾਂਗਰਸ ਦੇ ਅਸੰਬਲੀ 'ਚ ਉਸ ਨੇਤਾ, ਰਾਜਕੁਮਾਰ ਚੱਬੇਵਾਲ ਜਿਹੜਾ ਕੁਝ ਦਿਨ ਪਹਿਲਾਂ ਹੋਏ ਅਸੰਬਲੀ ਇਜਲਾਸ ਵੇਲੇ ਗਲ 'ਚ ਸੰਗਲ ਪਾਕੇ 'ਆਪ' ਦਾ ਜਲੂਸ ਕੱਢ ਰਿਹਾ ਸੀ, ਨੂੰ ਆਪਣੇ ਵਲੋਂ ਹੁਸ਼ਿਆਰਪੁਰ ਤੋਂ ਆਪਣਾ ਉਮੀਦਵਾਰ, ਆਇਆ ਰਾਮ, ਗਿਆ ਰਾਮ ਸਹਾਰਾ ਲੈ ਕੇ 13-0 ਜਿੱਤ ਲਈ, ਸ਼ੁਰੂ ਕੀਤੀ ਹੈ।

ਇਹੋ ਕੰਮ ਭਾਜਪਾ ਨੇ ਪੰਜਾਬ 'ਚ ਕਾਂਗਰਸੀਆਂ ਨੂੰ ਉਧਰੋਂ ਪੁੱਟ ਕੇ ਕੀਤਾ ਸੀ ਤੇ ਆਪ ਵਾਲਿਆਂ ਅਸੰਬਲੀ ਚੋਣਾਂ ਵੇਲੇ ਵੀ ਇਹੋ ਜਿਹਾ ਕੁਝ ਕੀਤਾ ਸੀ। ਇਹੋ ਜਿਹੇ ਹਾਲਾਤਾਂ ਦੇ ਮੱਦੇਨਜ਼ਰ, ਜਦੋਂ ਸਿਆਸਤਦਾਨਾਂ ਦਾ ਕੋਈ ਦੀਨ ਧਰਮ ਹੀ ਨਹੀਂ ਰਿਹਾ, ਉਹਨਾ ਦੀ ਬੋਲੀ ਲੱਗ ਰਹੀ ਹੈ। ਪੰਜਾਬ ਮੁੜ ਫਿਰ ਆਪਣਾ ਵੱਖਰਾ ਰਾਹ ਅਖਤਿਆਰ ਕਰੇਗਾ ਅਤੇ ਉਹਨਾ ਸਿਆਸਤਦਾਨਾਂ, ਸਿਆਸੀ ਪਾਰਟੀਆਂ ਨੂੰ ਖੁੱਡੇ ਲਾਏਗਾ, ਜਿਹਨਾ ਲਈ ਅਸੂਲ,ਆਦਰਸ਼ ਤੇ ਲੋਕ ਹਿੱਤ ਕੁਝ ਵੀ ਮਾਇਨੇ ਨਹੀਂ ਰੱਖਦੇ। ਜਿਹਨਾ ਲਈ ਸਿਰਫ਼ ਜਿੱਤ ਹੀ ਅਹਿਮ ਹੈ।

-ਗੁਰਮੀਤ ਸਿੰਘ ਪਲਾਹੀ
-9815802070









# ਸਿਆਸੀ ਸਥਿਰਤਾ, ਮਜ਼ਬੂਤ ਲੀਡਰਸ਼ਿਪ ਅਤੇ ਨੌਜਵਾਨ ਸ਼ਕਤੀਭਾਰਤ ਦਾਗੌਰਵਹਨ : ਤਰਨਜੀਤ ਸੰਧੂ

## ਭਾਰਤ ਦੀ ਤਰੱਕੀ ਨੂੰ ਦੁਨੀਆਂ ਦੇ ਸਭ ਤੋਂ ਵਿਕਸਤ ਦੇਸ਼ ਨੇ ਮਾਨਤਾ ਦਿੱਤੀ ਹੈ

ਚੰਡੀਗੜ੍ਹ, 18 ਮਾਰਚ (ਗਿਆਨ ਸਿੰਘ): ਪੰਚਨਦ ਰਿਸਰਚ ਇੰਸਟੀਚਿਊਟ ਦੀ ਤਰਫੋਂ "ਭਾਰਤ ਇੱਕ ਉਭਰਦੀ ਵਿਸ਼ਵ ਸ਼ਕਤੀ" ਵਿਸ਼ੇ 'ਤੇ ਸੈਮੀਨਾਰ ਕਰਵਾਇਆ ਗਿਆ। ਜਿਸ ਵਿੱਚ ਅਮਰੀਕਾ ਵਿੱਚ ਭਾਰਤ ਦੇ ਰਾਜਦੂਤਰਹੇ ਸਰਦਾਰ ਤਰਨਜੀਤ ਸਿੰਘ ਸੰਧੂ ਨੇ ਆਪਣੇ ਵਿਚਾਰ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਪਿਛਲੇ ਦਸ ਸਾਲਾਂ ਵਿੱਚ ਭਾਰਤ-ਅਮਰੀਕਾ ਸਬੰਧਾਂ ਨੇ ਇੱਕ ਮਜ਼ਬੂਤ ਭਾਈਵਾਲੀ ਦਾ ਰੂਪ ਧਾਰ ਲਿਆ ਹੈ, ਜਿਸ ਦਾ ਮੁੱਖ ਕਾਰਨ ਭਾਰਤ ਵਿੱਚ ਸਿਆਸੀ ਸਥਿਰਤਾ, ਮਜ਼ਬੂਤਲੀਡਰਸ਼ਿਪ ਅਤੇ ਆਬਾਦੀਤੇਨੌਜਵਾਨ ਸ਼ਕਤੀ ਹੈ। ਭਾਰਤ ਪ੍ਰਤੀ ਅਮਰੀਕੀ ਲੀਡਰਸ਼ਿਪ ਦਾ ਨਜ਼ਰੀਆ ਅਸਾਧਾਰਨ ਤੌਰ 'ਤੇ ਬਦਲਿਆ ਹੈ, ਜਿਸ ਦਾ ਇਕ ਮੁੱਖ ਕਾਰਨ ਉਥੇ ਰਹਿੰਦੇ ਪ੍ਰਵਾਸੀ ਭਾਰਤੀਆਂ ਵਿਚ ਪ੍ਰਧਾਨ ਮੰਤਰੀ ਮੋਦੀ ਦੀ ਲੋਕਪ੍ਰਿਅਤਾ ਵਿਚ ਅਹਿਮ ਭੂਮਿਕਾ ਹੈ। ਪੁਲਾੜ, ਸਿਹਤ ਸੇਵਾਵਾਂ, ਟੈਕਨਾਲੋਜੀ ਤੋਂ ਲੈ ਕੇ ਵਪਾਰ ਤੱਕ, ਜਿੱਥੇ ਭਾਰਤੀਆਂ ਦਾ ਦਬਦਬਾ ਹੈ, ਹਰ ਖੇਤਰ ਵਿੱਚ ਅਮਰੀਕਾ ਵਿੱਚ ਭਾਰਤੀ ਡਾਇਸਪੋਰਾ ਦਾ ਸ਼ਾਨਦਾਰ ਅਤੇ ਪ੍ਰਭਾਵਸ਼ਾਲੀ ਯੋਗਦਾਨ ਹੋਰ ਵੀ ਮਹੱਤਵਪੂਰਨ ਹੈ। ਅਮਰੀਕਾ ਵਿੱਚ, ਜੇਕਰ ਕੋਈ ਬੋਰਡ ਮੈਂਬਰ ਭਾਰਤੀ ਹੈ, ਤਾਂ ਉਸਦੇ ਸ਼ੇਅਰ ਦੀ ਕੀਮਤ ਵਧ ਜਾਂਦੀ ਹੈ, ਇਹ ਭਾਰਤੀ ਉੱਦਮੀਆਂ ਦਾ ਇੱਕ ਸਕਾਰਾਤਮਕ ਪ੍ਰਭਾਵ ਹੈ। ਜਿੱਥੇ ਰਾਸ਼ਟਰਪਤੀ ਟਰੰਪ ਸ਼੍ਰੀਮੋਦੀ ਦੇ ਪ੍ਰਸ਼ੰਸਕ ਰਹੇ ਹਨ, ਉੱਥੇ ਹੀ ਦੂਜੇ ਪਾਸੇ ਰਾਸ਼ਟਰਪਤੀ ਬਿਡੇਨ ਨੇ ਵੀ ਵੱਖ-ਵੱਖ ਖੇਤਰਾਂ ਵਿੱਚ ਭਾਰਤ ਦੀ ਸ਼ਲਾਘਾਯੋਗ ਤਰੱਕੀ ਦੀ ਜਨਤਕ ਤੌਰ 'ਤੇ ਤਾਰੀਫ਼ ਕੀਤੀ ਹੈ। ਜਦੋਂ ਭਾਰਤ ਦੀ ਤਰੱਕੀ ਨੂੰ ਦੁਨੀਆ ਦੇ ਸਭ ਤੋਂ ਵਿਕਸਤ




ਦੇਸ਼ ਨੇ ਮਾਨਤਾ ਦਿੱਤੀ ਹੈ, ਤਾਂ ਭਾਰਤ ਨੇ ਯਕੀਨੀ ਤੌਰ 'ਤੇ ਆਪਣੇ ਆਪ ਨੂੰ ਇੱਕ ਵਿਸ਼ਵ ਸ਼ਕਤੀ ਵਜੋਂ ਸਥਾਪਿਤ ਕੀਤਾ ਹੈ। ਇਹ ਤੈਅ ਹੈ ਕਿ ਆਉਣ ਵਾਲੇ ਸਾਲਾਂ ਵਿੱਚ ਭਾਰਤ ਦੁਨੀਆ ਦੀ ਤੀਜੀ ਸਭ ਤੋਂ ਵੱਡੀ ਅਰਥਵਿਵਸਥਾ ਬਣ ਜਾਵੇਗਾ। ਇਸ ਵਿੱਚ ਸਭ ਤੋਂ ਵੱਡੀ ਤਾਕਤ ਸਾਡੀ ਨੌਜਵਾਨਾਂਅਬਾਦੀ ਹਨ। ਅੱਜ ਸਾਰੇ ਯੂਰਪੀ ਦੇਸ਼ਾਂ ਦੀ ਆਬਾਦੀ ਬੁੱਢੀ ਹੋ ਰਹੀ ਹੈ। ਭਾਰਤ ਦੇ 1.40 ਕਰੋੜ ਲੋਕਾਂ ਵਿੱਚੋਂ 50% ਤੋਂ ਵੱਧ ਨੌਜਵਾਨ ਹਨ।

ਤਰਨਜੀਤ ਸਿੰਘ ਸੰਧੂਨੇਕਿਹਾਕਿਅਜਿਹੇ ਸਮੇਂ ਵਿੱਚ ਅਸੀਂ ਆਪਣੇ ਅੰਮ੍ਰਿਤਸਰਅਤੇਪੰਜਾਬ ਨੂੰ ਵੀ ਖੁਸ਼ਹਾਲਅਤੇਬੁਲੰਦੀਆਂ'ਤੇਲੈਕੇਜਾਣਾ ਹੈ। ਪੰਜਾਬੀ ਨੌਜਵਾਨਾਂ ਵਿੱਚ ਸਮਰੱਥਾ ਹੈ, ਉਨ੍ਹਾਂ ਦੀ ਸੋਚ ਬਦਲਣ ਅਤੇ ਉਨ੍ਹਾਂ ਨੂੰ ਸੇਧ ਦੇਣ ਦੀ ਲੋੜ ਹੈ। ਅੰਮ੍ਰਿਤਸਰ ਦੇ ਕਾਟੇਜ ਇੰਡਸਟਰੀਜ਼, ਖੇਤੀਬਾੜੀ ਉਪਜ, ਦਸਤਕਾਰੀ, ਰਸੋਈ ਆਦਿ ਨੂੰ ਵਿਸ਼ਵ ਪੱਧਰ 'ਤੇ ਮਾਨਤਾ ਦੇ ਕੇ ਵਿਸ਼ਵ ਸਪਲਾਈ ਲੜੀ ਦਾ ਹਿੱਸਾ ਬਣਾਉਣ ਦੀ ਲੋੜ ਹੈ। ਅੰਮ੍ਰਿਤਸਰ ਦੇ ਰਾਜਾਸਾਂਸੀ ਅੰਤਰਰਾਸ਼ਟਰੀ ਹਵਾਈ ਅੱਡੇ ਤੋਂ ਕਾਰਗੋ ਸਹੂਲਤ ਦੀ ਵਰਤੋਂ ਕਰਨੀ ਪਵੇਗੀ। ਅਮਰੀਕਾ ਵਿਚ ਹਵਾਈ ਜਹਾਜ਼ਾਂ ਦਾ ਬਾਲਣ ਅਤੇ ਸੜਕਾਂ ਬਣਾਉਣ ਲਈ ਪਰਾਲੀ ਦੀ ਵਰਤੋਂ ਕੀਤੀ ਜਾ ਰਹੀ ਹੈ ਅਤੇ ਉਸ ਅਮਰੀਕੀ ਕੰਪਨੀ ਦਾ ਸੀਈਓ ਪੰਜਾਬੀ ਹੈ। ਡਾ: ਚੰਦ, ਡਾ: ਰਤਨ ਲਾਲ, ਨਿੱਕੀ ਹੈਰੀ ਦੇ ਪਿਤਾ, ਇਹ ਸਾਰੇ ਪੰਜਾਬ ਐਗਰੀਕਲਚਰਲ ਸਕੂਲ ਦੇ ਸਾਬਕਾ ਵਿਦਿਆਰਥੀ ਹਨ। ਪੰਜਾਬ ਦੀ ਖੇਤੀ ਅਧਾਰਤ ਆਰਥਿਕਤਾ ਵਿੱਚ ਯੋਗਦਾਨ ਪਾਉਣ ਲਈ ਉਤਸੁਕ। ਅੱਜ ਉਹ ਸਮਾਂ ਆ ਗਿਆ ਹੈ ਜਦੋਂ ਭਾਰਤੀ ਵਿਦੇਸ਼ਾਂ ਤੋਂ ਆਪਣੀ ਮਾਤ ਭੂਮੀ ਨੂੰ ਪਰਤਣਗੇ। ਸਾਨੂੰ ਆਪਣੀ ਸਿੱਖਿਆ ਵਿੱਚ ਹੁਨਰ ਨੂੰ ਪਹਿਲ ਦੇਣੀ ਹੋਵੇਗੀ। ਨੌਜਵਾਨਾਂ ਨੂੰ ਸੁਚੇਤ ਕਰਨ ਦੀ ਲੋੜ ਹੈ ਕਿ ਬਾਹਰ ਜਾਣ ਦੀ ਇਹ ਕਾਹਲੀ ਜਲਦੀ ਖ਼ਤਮ ਹੋਣ ਵਾਲੀ ਹੈ। ਕਿਉਂਕਿ ਭਾਰਤੀ ਅਰਥਵਿਵਸਥਾ ਇੱਕ ਬੇਮਿਸਾਲ ਅਤੇ ਕ੍ਰਾਂਤੀਕਾਰੀ ਸਕਾਰ-ਾਤਮਕ ਪੜਾਅ ਵਿੱਚ ਹੈ। ਸਿਰਫ਼ ਮਜ਼ਬੂਤ ਲੀਡਰਸ਼ਿਪ, ਦ੍ਰਿੜ੍ਹ ਇਰਾਦੇ, ਜਾਗਰੂਕਤਾ ਵਿੱਚ ਤਬਦੀਲੀ ਅਤੇ ਸਿੱਖਿਆ ਦੀ ਲੋੜ ਹੈ। ਹੁਣ ਸਮਾਂ ਪੱਛਮ ਤੋਂ ਪੂਰਬ ਵੱਲ ਆ ਰਿਹਾ ਹੈ।

ਸੈਮੀਨਾਰ ਵਿੱਚ ਡਾ: ਸੁਜਾਤਾ ਸ਼ਰਮਾ ਸਾਬਕਾ ਪ੍ਰਿੰਸੀਪਲ ਅੰਮ੍ਰਿਤਸਰ ਮੈਡੀਕਲ ਕਾਲਜ, ਪ੍ਰੋ. ਵਿਨੇ ਕਪੂਰ ਮਹਿਰਾ ਸਾਬਕਾ ਵਾਈਸ ਚਾਂਸਲਰ, ਡਾ: ਗੌਰਵ ਤੇਜਪਾਲ ਪ੍ਰਿੰਸੀਪਲ ਅੰਮ੍ਰਿਤਸਰ ਇੰਜਨੀਅਰਿੰਗ ਕਾਲਜ, ਪ੍ਰਿੰਸੀਪਲ ਰਜਨੀ ਡੋਗਰਾ, ਪ੍ਰਿੰਸੀਪਲ ਰੀਨਾ ਠਾਕੁਰ, ਡਾ: ਅਨਿਲ ਪੁਰੀ, ਡਾ: ਕੇਵਲ ਭੱਲਾ, ਡਾ: ਆਰ. ਦੇ. ਤੁਲੀ, ਸੀਏ ਪਦਮ ਧਵਨ, ਅਰਵਿੰਦ ਸੂਬਾ ਆਰਗੇਨਾਈਜ਼ਰ ਸਵਦੇਸ਼ੀ, ਸੀਏ ਅਮਿਤ ਹਾਂਡਾ, ਸੀਏ ਭਾਵੇਸ਼ ਮਹਾਜਨ, ਰੀਨਾ ਜੇਤਲੀ, ਡਾ: ਗੋਸਵਾਮ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ . ਸੈਮੀਨਾਰ ਦਾ ਸੰਚਾਲਨ ਡਾ: ਨੇਹਾ ਤੇਜਪਾਲ ਨੇ ਕੀਤਾ, ਮੁੱਖ ਮਹਿਮਾਨ ਦਾ ਸਵਾਗਤ ਡਾ: ਅਰੁਣ ਮਹਿਰਾ ਕੌਮੀ ਮੀਤ ਪ੍ਰਧਾਨ ਪੰਚਨਦ ਨੇ ਕੀਤਾ ਅਤੇ ਵਿਪਨ ਭਸੀਨ ਵੱਲੋਂ ਸਨਮਾਨ ਚਿੰਨ੍ਹ ਦਿੱਤਾ ਗਿਆ . ਮੀਟਿੰਗ ਵਿੱਚ ਸਵਦੇਸ਼ੀ ਜਾਗਰਣ ਮੰਚ, ਮਹਿਲਾ ਸਮਨਵਯ ਅਤੇ ਅਰੋਗਿਆ ਭਾਰਤੀ ਨਾਲ ਜੁੜੇ ਜਾਗਰੂਕ ਨਾਗਰਿਕਾਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।




# ਪ੍ਰਸ਼ਾਸ਼ਨ ਵੱਲੋਂ ਲੁਧਿਆਣਾ ਦੇ ਕਾਲਜਾਂ ’ਚ ਵੋਟਰ ਰਜਿਸਟ੍ਰੇਸ਼ਨ ਕੈਂਪ ਆਯੋਜਿਤ





ਲੁਧਿਆਣਾ, 18ਮਾਰਚ (ਗਿਆਨ ਸਿੰਘ): ਜ਼ਿਲ੍ਹਾ ਪ੍ਰਸ਼ਾਸਨ ਵੱਲੋਂ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਨੌਜਵਾਨਾਂ ਦੀ ਵੱਧ ਤੋਂ ਵੱਧ ਸ਼ਮੂਲੀਅਤ ਨੂੰ ਉਤਸ਼ਾਹਿਤ ਕਰਨ ਲਈ ਸਿਸਟਮੈਟਿਕ ਵੋਟਰਜ਼ ਐਜੂਕੇਸ਼ਨ ਐਂਡ ਇਲੈਕਟੋਰਲ ਪਾਰਟੀਸਿਪੇਸ਼ਨ (ਸਵੀਪ) ਮੁਹਿੰਮ ਦੇ ਹਿੱਸੇ ਵਜੋਂ ਅੱਜ ਵੱਖ-ਵੱਖ ਵਿਦਿਅਕ ਸੰਸਥਾਵਾਂ ਵਿੱਚ ਵੋਟਰ ਰਜਿਸਟ੍ਰੇਸ਼ਨ ਕੈਂਪ ਲਗਾਏ।

ਇਹ ਕੈਂਪ ਐਸ.ਸੀ.ਡੀ. ਸਰਕਾਰੀ ਕਾਲਜ, ਸ੍ਰੀ ਅਰਬਿੰਦੋ ਕਾਲਜ ਆਫ਼ ਕਾਮਰਸ ਐਂਡ ਮੈਨੇਜਮੈਂਟ, ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ, ਗੁਰੂ ਨਾਨਕ ਖ਼ਾਲਸਾ ਕਾਲਜ (ਲੜਕੀਆਂ) ਮਾਡਲ ਟਾਊਨ, ਜੀ.ਟੀ.ਬੀ. ਨੈਸ਼ਨਲ ਕਾਲਜ ਦਾਖਾ ਅਤੇ ਆਈ.ਟੀ.ਆਈ. ਗਿੱਲ ਰੋਡ ਵਿਖੇ ਲਗਾਏ ਗਏ। ਨੌਜਵਾਨਾਂ ਨੂੰ ਵੋਟਰ ਹੈਲਪਲਾਈਨ ਮੋਬਾਈਲ ਐਪਲੀਕੇਸ਼ਨ ਦੇ ਕੰਮਕਾਜ ਬਾਰੇ ਜਾਗਰੂਕ ਕੀਤਾ ਗਿਆ ਅਤੇ ਵੋਟਰ ਸੂਚੀ ਵਿੱਚ ਆਪਣਾ ਨਾਂ ਦਰਜ ਕਰਵਾਉਣ ਲਈ ਇਸ ਦੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ ਗਿਆ। ਨਵੇਂ ਵੋਟਰਾਂ ਨੇ ਮੌਕੇ ’ਤੇ ਹੀ ਵੋਟਰ ਰਜਿਸਟ੍ਰੇਸ਼ਨ ਫਾਰਮ ਵੀ ਭਰੇ।

ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਨਵੇਂ ਵੋਟਰ ਨੈਸ਼ਨਲ ਵੋਟਰ ਸਰਵਿਸਿਜ਼ ਪੋਰਟਲ (ਐਨ.ਵੀ.ਐਸ.ਪੀ.) ਰਾਹੀਂ ਆਪਣੇ ਆਪ ਨੂੰ ਆਨਲਾਈਨ ਵੀ ਰਜਿਸਟਰ ਕਰਵਾ ਸਕਦੇ ਹਨ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਦੇਸ਼ ਦੀ ਲੋਕਤੰਤਰੀ ਪ੍ਰਕਿਰਿਆ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਣ ਅਤੇ ਇਨ੍ਹਾਂ ਕੈਂਪਾਂ ਦਾ ਲਾਹਾ ਲੈਣ। ਉਨ੍ਹਾਂ ਕਿਹਾ ਕਿ ਇਹ ਕੈਂਪ ਦੇਸ਼ ਵਿੱਚ ਲੋਕਤੰਤਰ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣਗੇ।

ਜ਼ਿਲ੍ਹਾ ਚੋਣ ਅਫ਼ਸਰ ਸਾਹਨੀ ਨੇ ਨੌਜਵਾਨਾਂ ਨੂੰ ਲੋਕਤੰਤਰ ਵਿੱਚ ਵੱਡੇ ਯੋਗਦਾਨ ਲਈ ਵੋਟਰ ਰਜਿਸਟ੍ਰੇਸ਼ਨ ਲਈ ਅੱਗੇ ਆਉਣ ਲਈ ਵੀ ਪ੍ਰੇਰਿਤ ਕੀਤਾ ਅਤੇ ਕਿਹਾ ਕਿ ਅਜਿਹੇ ਰਜਿਸਟ੍ਰੇਸ਼ਨ ਕੈਂਪ ਹੋਰ ਕਾਲਜਾਂ ਵਿੱਚ ਲਗਾਏ ਜਾਣਗੇ ਤਾਂ ਜੋ ਵਿਦਿਆਰਥੀਆਂ ਵਿੱਚ ਚੋਣ ਪ੍ਰਕਿਰਿਆ ਬਾਰੇ ਜਾਗਰੂਕਤਾ ਪੈਦਾ ਕੀਤੀ ਜਾ ਸਕੇ।

## ਐਡਵੋਕੇਟ ਰਾਕੇਸ਼ ਪਰਾਸ਼ਰ ਦੇ ਭਾਜਪਾ ’ਚ ਸ਼ਾਮਿਲ ਹੋਣ ’ਤੇ ਕੀਤਾ ਸਵਾਗਤ



ਅੰਮ੍ਰਿਤਸਰ, 18 ਮਾਰਚ (ਗਿਆਨ ਸਿੰਘ): ਸਾਬਕਾ ਮੰਤਰੀ ਅਤੇ ਅਕਾਲੀ ਦਲ ਦੇ ਜਨਰਲ ਸਕੱਤਰ ਸ: ਬਿਕਰਮ ਸਿੰਘ ਮਜੀਠੀਆ ਦੇ ਸਿਆਸੀ ਸਲਾਹਕਾਰ ਐਡਵੋਕੇਟ ਸ਼੍ਰੀ ਰਾਕੇਸ਼ ਪਰਾਸ਼ਰ ਵੱਲੋਂ ਭਾਜਪਾ ਪੰਜਾਬ ਦੇ ਪ੍ਰਧਾਨ ਸ੍ਰੀ ਸੁਨੀਲ ਜਾਖੜ ਜੀ ਦੀ ਮੌਜੂਦਗੀ ਵਿਚ ਭਾਰਤੀ ਜਨਤਾ ਪਾਰਟੀ ਵਿਚ ਸ਼ਾਮਿਲ ਹੋਣ ’ਤੇ ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸਵਾਗਤ ਕਰਦਿਆਂ ਕਿਹਾ ਕਿ ਪੰਜਾਬ ਅੰਦਰ ਭਾਜਪਾ ਪਰਿਵਾਰ ਦਿਨ ਪ੍ਰਤੀ ਦਿਨ ਵੱਡਾ ਅਤੇ ਮਜ਼ਬੂਤ ਹੁੰਦਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਐਡਵੋਕੇਟ ਪ੍ਰਸਾਰ ਜੋ ਕਿ ਅਕਾਲੀ ਦਲ ਲੀਗਲ ਸੈੱਲ ਦੇ ਆਗੂ ਅਤੇ ਪੰਜਾਬ ਬ੍ਰਾਹਮਣ ਸਭਾ ਦੇ ਮੀਤ ਪ੍ਰਧਾਨ ਵੀ ਹਨ, ਇਕ ਸਖ਼ਤ ਮਿਹਨਤੀ ਅਤੇ ਇਮਾਨਦਾਰ ਆਗੂ ਹਨ। ਉਨ੍ਹਾਂ ਦੇ ਤਜਰਬੇ ਦਾ ਭਾਜਪਾ ਪੂਰਾ ਲਾਭ ਉਠਾਏਗੀ। ਐਡਵੋਕੇਟ ਪ੍ਰਸਾਰ ਨੇ ਕਿਹਾ ਕਿ ਉਹ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਸੋਚ ਤੋਂ ਪ੍ਰਭਾਵਿਤ ਹੋ ਕੇ ਭਾਜਪਾ ਵਿਚ ਸ਼ਾਮਿਲ ਹੋਏ ਹਨ। ਭਾਜਪਾ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਇਆ ਜਾਵੇਗਾ। ਇਸ ਮੌਕੇ ਐਡਵੋਕੇਟ ਪ੍ਰਸਾਰ ਦਾ ਭਾਜਪਾ ਵਿਚ ਆਉਣ ’ਤੇ ਸਵਾਗਤ ਕਰਨ ਵਾਲਿਆਂ ਵਿਚ ਪੰਜਾਬ ਭਾਜਪਾ ਬੁਲਾਰੇ ਪ੍ਰੋ. ਗੁਰਵਿੰਦਰ ਸਿੰਘ ਮੰਮਣਕੇ, ਕੋਰ ਕਮੇਟੀ ਮੈਂਬਰ ਗੁਰਪ੍ਰਤਾਪ ਸਿੰਘ ਟਿੱਕਾ, ਸਾਬਕਾ ਸੀਨੀਅਰ ਡਿਪਟੀ ਮੇਅਰ ਅਜੈਬੀਰ ਪਾਲ ਸਿੰਘ ਰੰਧਾਵਾ, ਜਨਰਲ ਸਕੱਤਰ ਪੰਜਾਬ ਹਰਦੀਪ ਸਿੰਘ ਗਿੱਲ, ਆਲਮਬੀਰ ਸਿੰਘ ਸੰਧੂ, ਸ਼ੈਟੀ, ਐਡਵੋਕੇਟ ਲਖਵਿੰਦਰ ਸਿੰਘ ਪਟਿਆਲਾ, ਐਡਵੋਕੇਟ ਸਰਤਾਜ ਸਿੰਘ, ਐਡਵੋਕੇਟ ਪ੍ਰਮਿੰਦਰਜੀਤ ਤੇ ਰਾਜਪਾਲ ਚੌਹਾਨ ਵੀ ਸ਼ਾਮਿਲ ਹਨ।



# ਵਿਸ਼ਵ ਪੰਜਾਬੀ ਪ੍ਰਚਾਰ ਸਭਾ ਵਲੋਂ ਉਭਰਦੀ ਸਾਹਿਤਕਾਰ ਰੁਪਿੰਦਰ ਕੌਰ ਮਾਨ ਦੇ ਸਨਮਾਨ ਲਈ ਸਨਮਾਨ ਸਮਾਗਮ ਅਤੇ ਕਵੀ ਦਰਬਾਰ ਕਰਵਾਇਆ

ਚੰਡੀਗੜ੍ਹ, 18 ਮਾਰਚ (ਗਿਆਨ ਸਿੰਘ): ਵਿਸ਼ਵ ਪੰਜਾਬੀ ਪ੍ਰਚਾਰ ਸਭਾ ਚੰਡੀਗੜ੍ਹ ਵਲੋਂ ਸੰਸਥਾ ਦੇ ਦਫਤਰ ਸੈਕਟਰ 41 ਚੰਡੀਗੜ੍ਹ ਵਿਖੇ ਵਿਖੇ ਵਿਸ਼ੇਸ਼ ਸਮਾਗਮ ਵਿੱਚ ਪੰਜਾਬੀ ਦੀ ਉਭਰਦੀ ਸਾਹਿਤਕਾਰ ਰੁਪਿੰਦਰ ਕੌਰ ਮਾਨ ਦਾ ਸਨਮਾਨ ਕੀਤਾ ਗਿਆ। ਸਮਾਗਮ ਦੀ ਪ੍ਰਧਾਨਗੀ ਪ੍ਰਿੰ. ਬਹਾਦਰ ਸਿੰਘ ਗੋਸਲ ਵਲੋਂ ਕੀਤੀ ਗਈ ਅਤੇ ਉਨ੍ਹਾਂ ਵਲੋਂ ਪੰਜਾਬੀ ਦੀ ਨਵੀਂ ਸਾਹਿਤਕਾਰ ਰੁਪਿੰਦਰ ਮਾਨ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਦੱਸਿਆ ਗਿਆ ਕਿ ਅੱਜ ਰੁਪਿੰਦਰ ਕੌਰ ਮਾਨ ਨੇ ਵਿਸ਼ਵ ਪੰਜਾਬੀ ਪ੍ਰਚਾਰ ਸਭਾ ਚੰਡੀਗੜ੍ਹ ਦੀ ਮੈਂਬਰਸ਼ਿਪ ਗ੍ਰਹਿਣ ਕੀਤੀ ਹੈ ਅਤੇ ਪਹਿਲੀ ਵਾਰ ਸੰਸਥਾ ਦੇ ਦਫਤਰ ਆਏ ਹਨ।




ਸਨਮਾਨ ਸਮਾਰੋਹ ਤੋਂ ਪਹਿਲਾ ਸੰਸਥਾ ਵਲ੍ਹੋਂ ਇੱਕ ਕਵੀ ਦਰਬਾਰ ਕਰਵ-ਾਇਆ ਗਿਆ ਜਿਸ ਵਿੱਚ ਕਈ ਸਾਹਿਤਕਾਰਾਂ ਨੇ ਆਪਣੀਆਂ ਨਵੀਆਂ ਰਚਨਾਵਾਂ ਪੇਸ਼ ਕੀਤੀਆਂ ਜਿਨ੍ਹਾਂ ਵਿੱਚ ਜਗਤਾਰ ਸਿੰਘ ਜੋਗ, ਦਲਬੀਰ ਸਿੰਘ ਸਰੋਆ, ਗਗਨਦੀਪ ਸਿੰਘ ਢਿੱਲੋਂ, ਬਹਾਦਰ ਸਿੰਘ ਗੋਸਲ, ਬਲਜਿੰਦਰ ਕੌਰ ਸ਼ੇਰਗਿੱਲ, ਸਲਾਹਕਾਰ ਬਲਵਿੰਦਰ ਸਿੰਘ ਸ਼ਾਮਲ ਸਨ। ਜਗਤਾਰ ਸਿੰਘ ਜੋਗ ਵਲੋਂ ਦਲਬੀਰ ਸਿੰਘ ਸਰੋਆਂ ਦੇ ਗਜ਼ਲਾਂ ਨੂੰ ਤਰਨਮ ਵਿੱਚ ਗਾ ਕੇ ਖੂਬ ਰੰਗ ਬੰਨਿਆ ਗਿਆ। ਪ੍ਰਿੰ. ਗੋਸਲ ਨੇ ਆਪਣੀ ਨਵੀਂ ਮਿੰਨੀ ਕਹਾਣੀ "ਵਾਹ! ਕਰਤਾਰ ਕੁਰੇ "ਸੁਣਾਈ। ਰੁਪਿੰ-ਦਰ ਮਾਨ ਨੇ ਆਪਣੀਆਂ ਨਵੀਆਂ ਕਈ ਰਚਨਾਵਾਂ ਸੁਣਾਈਆਂ ਜਿਨ੍ਹਾਂ ਦੀ ਸਰੋਤਿਆਂ ਵਲੋਂ ਖੂਬ ਪ੍ਰਸੰਸਾ ਹੋਈ।

ਕਵੀ ਦਰਬਾਰ ਤੋਂ ਬਾਅਦ ਸੰਸਥਾ ਦੇ ਪ੍ਰਧਾਨ ਪ੍ਰਿੰ. ਬਹਾਦਰ ਸਿੰਘ ਗੋਸਲ ਨੇ ਰੁਪਿੰਦਰ ਮਾਨ ਨੂੰ ਵਿਸ਼ਵ ਪੰਜਾਬੀ ਪ੍ਰਚਾਰ ਸਭਾ ਦੇ ਮੈਂਬਰ ਵਜੋਂ ਜੁਆਇਨ ਕਰਵਾਇਆ ਅਤੇ ਉਸ ਦੀ ਪੰਜਾਬੀ ਸਾਹਿਤ ਪ੍ਰਤੀ ਦਿਲਚਸਪੀ ਲਈ ਸ਼ਲਾਘਾ ਕੀਤੀ। ਇਸ ਤੋਂ ਬਾਅਦ ਸੰਸਥਾ ਦੇ ਸਮੂਹ ਮੈਂਬਰਾਂ ਵਲੋਂ ਰੁਪਿੰ-ਦਰ ਮਾਨ ਦਾ ਸਨਮਾਨ ਕੀਤਾ ਗਿਆ ਅਤੇ ਸਨਮਾਨ ਵਿੱਚ ਉਨ੍ਹਾਂ ਨੂੰ ਇੱਕ ਸ਼ਾਲ, ਪ੍ਰਿੰ. ਬਹਾਦਰ ਸਿੰਘ ਗੋਸਲ ਅਤੇ ਡੀ.ਐਸ. ਸਰੋਆ ਰਚਿਤ ਪੁਸਤਕਾਂ ਭੇਂਟ ਕੀਤੀਆਂ ਗਈਆਂ। ਉਨ੍ਹਾਂ ਦਾ ਸਨਮਾਨ ਕਰਨ ਵਾਲਿਆਂ ਵਿੱਚ ਪ੍ਰਿੰ. ਬਹਾਦਰ ਸਿੰਘ ਗੋਸਲ ਸੰਸਥਾ ਦੇ ਸੀਨੀਅਰ ਪ੍ਰਧਾਨ ਜਗਤਾਰ ਸਿੰਘ ਜੋਗ, ਪ੍ਰਸਿੱਧ ਸਾ-ਹਤਕਾਰ ਬਲਜਿੰਦਰ ਕੌਰ ਸ਼ੇਰਗਿੱਲ, ਸਲਾਹਕਾਰ ਬਲਵਿੰਦਰ ਸਿੰਘ ਅਤੇ ਸਾਬਕਾ ਡਿਪਟੀ ਸੈਕਟਰੀ ਦਲਬੀਰ ਸਿੰਘ ਸਰੋਆ, ਗਗਨਦੀਪ ਸਿੰਘ ਢਿੱਲੋਂ ਵੀ ਹਾਜ਼ਰ ਸਨ। ਸਨਮਾਨ ਪ੍ਰਾਪਤੀ ਉਪਰੰਤ ਰੁਪਿੰਦਰ ਕੌਰ ਮਾਨ ਵਲੋਂ ਸੰਸਥਾ ਵਲੋਂ ਦਿੱਤੇ ਸਨਮਾਨ ਲਈ ਸਮੂਹ ਮੈਂਬਰਾਂ ਦਾ ਧੰਨਵਾਦ ਕੀਤਾ ਗਿਆ ਅਤੇ ਪੂਰੀ ਲਗਨ ਨਾਲ ਪੰਜਾਬੀ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਕੰਮ ਕਰਨ ਦਾ ਭਰੋਸਾ ਦਿੱਤਾ। ਸਾਹਿਤਕਾਰ ਬਲਜਿੰਦਰ ਕੌਰ ਸ਼ੇਰਗਿੱਲ ਨੇ ਰੁਪਿੰਦਰ ਕੌਰ ਮਾਨ ਦੇ ਸੰਸਥਾ ਜੁਆਇਨ ਕਰਨ ਨੂੰ ਇੱਕ ਵੱਡੀ ਪ੍ਰਾਪਤੀ ਦੱਸਿਆ ਅਤੇ ਕਿਹਾ ਕਿ ਨਵੇਂ ਉਭਰਦੇ ਸਾਹਿਤਕਾਰਾਂ ਦਾ ਸੰਸਥਾ ਨਾਲ ਜੁੜਨਾ ਪੰਜਾਬੀ ਦੇ ਪ੍ਰਚਾਰ-ਪ੍ਰਸਾਰ ਲਈ ਇੱਕ ਸ਼ੁਭ ਸੰਕੇਤ ਹੈ। ਅੰਤ ਵਿੱਚ ਡੀਐਸਸਰੋਆ ਵਲੋਂ ਸਭ ਦਾ ਧੰਨਵਾਦ ਕੀਤਾ ਗਿਆ।







